ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

YouTube https://youtu.be/LQwolgxDu7I

awazeqaumtvpunjab@gmail.com

ਸ਼ਨੀਵਾਰ, 20 ਸਤੰਬਰ 2025 (ਨਾਨਕਸ਼ਾਹੀ ਸੰਮਤ : ੫੫੭, ੫ ਅੱਸੂ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111,+447976210161,+919729091243




## ਤਰਨਤਾਰਨ ਵਿਧਾਨ ਸਭਾ ਜ਼ਿਮਨੀ ਚੋਣ ਲਈ ਕਾਂਗਰਸ ਨੇ ਸੁਖਬਿੰਦਰ ਸਿੰਘ ਸਰਕਾਰੀਆ ਨੂੰ ਬਣਾਇਆ ਇੰਚਾਰਜ

**ਤਰਨਤਾਰਨ, 19 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਵਿਧਾਨ ਸਭਾ ਹਲਕਾ ਤਰਨਤਾਰਨ 'ਚ ਹੋਣ ਜਾ ਰਹੀ ਜ਼ਿਮਨੀ ਚੋਣ ਨੂੰ ਲੈ ਕੇ ਕਾਂਗਰਸ ਵੀ ਸਰਗਰਮ ਹੋਈ ਹੈ। ਪੰਜਾਬ ਕਾਂਗਰਸ ਦੇ ਇੰਚਾਰਜ ਭੂਪੇਸ਼ ਬਘੇਲ, ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ, ਵਿਰੋਧੀ ਧਿਰ ਦੇ ਨੇਤਾ ਪ੍ਰਤਾਪ ਸਿੰਘ ਬਾਜਵਾ ਦੇ ਨਿਰਦੇਸ਼ਾਂ ਅਨੁਸਾਰ ਸੁਖਬਿੰਦਰ ਸਿੰਘ ਸਰਕਾਰੀਆ ਨੂੰ ਤਰਨਤਾਰਨ ਜ਼ਿਮਨੀ ਚੋਣਾਂ ਲਈ ਇੰਚਾਰਜ ਨਿਯੁਕਤ ਕੀਤਾ ਗਿਆ ਹੈ। ਇਸ ਦੌਰਾਨ ਸਭ ਤੋਂ ਪਹਿਲਾਂ ਸ਼੍ਰੋਮਣੀ ਅਕਾਲੀ ਦਲ ਬਾਦਲ ਵੱਲੋਂ ਬੀਬੀ ਸੁਖਵਿੰਦਰ ਕੌਰ ਰੰਧਾਵਾ ਨੂੰ ਉਮੀਦਵਾਰ ਐਲਾਨ ਗਿਆ ਸੀ, ਉੱਥੇ ਹੀ ਭਾਰਤੀ ਜਨਤਾ ਪਾਰਟੀ ਵੱਲੋਂ ਜ਼ਿਲ੍ਹਾ ਪ੍ਰਧਾਨ ਹਰਜੀਤ ਸਿੰਘ ਸੰਧੂ ਨੂੰ ਆਪਣਾ ਉਮੀਦਵਾਰ ਐਲਾਨਿਆ ਜਾ ਚੁੱਕਾ ਹੈ। ਇਸ ਚੋਣ 'ਚ ਕਾਂਗਰਸ ਤੇ 'ਆਪ' ਵੱਲੋਂ ਆਪਣੇ ਉਮੀਦਵਾਰਾਂ ਦਾ ਐਲਾਨ ਕਰਨਾ ਬਾਕੀ ਹੈ। ਦੱਸ ਦੇਈਏ ਕਿ ਵਿਧਾਨ ਸਭਾ ਹਲਕਾ ਤਰਨਤਾਰਨ ਤੋਂ ਆਮ ਆਦਮੀ ਪਾਰਟੀ ਦੇ ਵਿਧਾਇਕ ਰਹੇ ਡਾਕਟਰ ਕਸ਼ਮੀਰ ਸਿੰਘ ਸੋਹਲ ਦੇਹਾਂਤ ਦਾ ਹੋ ਗਿਆ ਸੀ। ਜਿਸ ਕਾਰਨ ਇਹ ਸੀਟ ਖਾਲੀ ਹੋ ਗਈ ਸੀ ਤੇ ਹੁਣ ਇਸ ਸੀਟ 'ਤੇ ਜ਼ਿਮਨੀ ਚੋਣ ਹੋਣੀ ਹੈ।



## ਮੌਤ ਤੋਂ ਪਹਿਲਾਂ ਗੰਭੀਰ ਇਲਜ਼ਾਮ ਲਾਉਣ ਵਾਲੇ

# ਅਮਰੀਕਾ 'ਚ ਭਾਰਤੀ ਇੰਜੀਨੀਅਰ ਨੂੰ ਪੁਲਿਸ ਨੇ ਮਾਰੀ ਗੋਲੀ

**ਵਾਸ਼ਿੰਗਟਨ, 19 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਤੇਲੰਗਾਨਾ ਦਾ 30 ਸਾਲਾ ਵਿਦਿਆਰਥੀ ਮੁਹੰਮਦ ਨਿਜ਼ਾਮੁਦੀਨ, ਜੋ ਮਾਸਟਰ ਡਿਗਰੀ ਕਰਨ ਲਈ ਅਮਰੀਕਾ ਗਿਆ ਸੀ ਅਤੇ ਸਾਫਟਵੇਅਰ ਇੰਜੀਨੀਅਰ ਵਜੋਂ ਕੰਮ ਕਰਦਾ ਸੀ, ਦੀ ਮੌਤ ਹੋ ਗਈ ਹੈ। ਉਸਨੂੰ 3 ਸਤੰਬਰ ਨੂੰ ਕੈਲੀਫੋਰਨੀਆ ਵਿੱਚ ਸਾਂਤਾ ਕਲਾਰਾ ਪੁਲਿਸ ਨੇ ਆਪਣੇ ਰੂਮਮੇਟ ਨਾਲ ਕਥਿਤ ਝਗੜੇ ਤੋਂ ਬਾਅਦ ਗੋਲੀ ਮਾਰ ਦਿੱਤੀ ਸੀ। ਭਾਰਤ ਵਿੱਚ ਨਿਜ਼ਾਮੁਦੀਨ ਦੇ ਪਰਿਵਾਰ ਨੇ ਹੁਣ ਵਿਦੇਸ਼ ਮੰਤਰਾਲੇ ਨੂੰ ਉਸਦੀ ਲਾਸ਼ ਪ੍ਰਾਪਤ ਕਰਨ ਵਿੱਚ ਸਹਾਇਤਾ ਕਰਨ ਦੀ ਬੇਨਤੀ ਕੀਤੀ ਹੈ। ਲਾਸ਼ ਨੂੰ ਇਸ ਸਮੇਂ ਰਸਮੀ ਕਾਰਵਾਈਆਂ ਲਈ ਸਾਂਤਾ ਕਲਾਰਾ ਦੇ ਇੱਕ ਹਸਪਤਾਲ ਵਿੱਚ ਰੱਖਿਆ ਗਿਆ ਹੈ। ਗੋਲੀਬਾਰੀ 'ਤੇ ਪ੍ਰਤੀਕਿਰਿਆ ਦਿੰਦੇ ਹੋਏ, ਤੇਲੰਗਾਨਾ ਦੇ ਮਹਿਬੂਬਨਗਰ ਵਿੱਚ ਪਰਿਵਾਰ ਅਤੇ ਦੋਸਤਾਂ ਨੇ ਕਿਹਾ ਕਿ ਨਿਜ਼ਾਮੁਦੀਨ ਇੱਕ ਸ਼ਾਂਤ, ਧਾਰਮਿਕ ਨੌਜਵਾਨ ਸੀ। ਪਰਿਵਾਰ ਨੇ ਕਿਹਾ ਕਿ ਆਪਣੀ ਗੋਲੀਬਾਰੀ ਤੋਂ ਦੋ ਹਫ਼ਤੇ ਪਹਿਲਾਂ ਇੱਕ ਲਿੰਕਡਇਨ ਪੋਸਟ ਵਿੱਚ, ਨਿਜ਼ਾਮੁਦੀਨ ਨੇ ਜਨਤਕ ਤੌਰ 'ਤੇ ਨਸਲੀ ਪਰੇਸ਼ਾਨੀ, ਤਨਖਾਹ ਧੋਖਾਧੜੀ ਅਤੇ ਗਲਤ ਢੰਗ ਨਾਲ ਨੌਕਰੀ ਤੋਂ ਕੱਢਣ ਦੀਆਂ ਸ਼ਿਕਾਇਤਾਂ ਉਠਾਈਆਂ ਸਨ। ਪੋਸਟ ਵਿੱਚ ਨਿਜ਼ਾਮੁਦੀਨ ਨੇ ਲਿਖਿਆ, "ਬਸ ਬਹੁਤ ਹੋ ਗਿਆ, ਗੋਰੇ ਸਰਬਉੱਚਤਾ/ਨਸਲਵਾਦੀ ਗੋਰੇ ਅਮਰੀਕੀ ਮਾਨਸਿਕਤਾ ਖਤਮ ਹੋਣੀ ਚਾਹੀਦੀ ਹੈ।" ਉਸਨੇ ਨਸਲੀ ਵਿਤਕਰੇ, ਉਸਦੇ ਭੋਜਨ ਵਿੱਚ ਜ਼ਿਹਰ, ਬੇਦਖਲੀ, ਅਤੇ ਇੱਕ ਜਾਸੂਸ ਦੁਆਰਾ ਨਿਰੰਤਰ ਨਿਗਰਾਨੀ ਅਤੇ ਧਮਕੀਆਂ ਦਾ ਦੋਸ਼ ਲਗਾਇਆ। ਇਸ ਪੋਸਟ ਦੇ ਕੁਝ ਹਿੱਸੇ ਉਸਦੀ ਮੌਤ ਤੋਂ ਬਾਅਦ ਸੋਸ਼ਲ ਮੀਡੀਆ ਅਤੇ ਕਮਿਊਨਿਟੀ ਚੈਨਲਾਂ 'ਤੇ ਸਾਂਝੇ ਕੀਤੇ ਗਏ ਸਨ। ਸਾਂਤਾ ਕਲਾਰਾ ਪੁਲਿਸ ਦੇ ਬਿਆਨਾਂ ਦੇ ਅਨੁਸਾਰ, ਅਧਿਕਾਰੀਆਂ ਨੇ ਘਰ ਦੇ ਅੰਦਰ ਚਾਕੂ ਮਾਰਨ ਬਾਰੇ 911 ਕਾਲ ਦਾ ਜਵਾਬ ਦਿੱਤਾ। ਪੁਲਿਸ ਦਾ ਕਹਿਣਾ ਹੈ ਕਿ ਅਧਿਕਾਰੀਆਂ ਨੇ ਚਾਕੂ ਨਾਲ ਲੈਸ ਇੱਕ ਸ਼ੱਕੀ ਦਾ ਸਾਹਮਣਾ ਕੀਤਾ ਅਤੇ ਜਦੋਂ ਸ਼ੱਕੀ ਨੇ ਪੁਲਿਸ ਦੇ ਹੁਕਮਾਂ ਦੀ ਪਾਲਣਾ ਕਰਨ ਤੋਂ ਇਨਕਾਰ ਕਰ ਦਿੱਤਾ ਤਾਂ ਗੋਲੀਆਂ ਚਲਾਈਆਂ। ਪੁਲਿਸ ਵਿਭਾਗ ਨੇ ਇੱਕ ਬਿਆਨ ਵਿੱਚ ਕਿਹਾ ਕਿ ਸ਼ੱਕੀ ਨੇ ਆਪਣੇ ਰੂਮਮੇਟ ਨੂੰ ਹੇਠਾਂ ਸੁੱਟ ਦਿੱਤਾ, ਜਿਸ ਨਾਲ ਕਈ ਵਾਰ ਚਾਕੂ ਨਾਲ ਜ਼ਖਮੀ ਹੋ ਗਏ। ਹਾਲਾਂਕਿ, ਪਰਿਵਾਰ ਨੇ ਪੁਲਿਸ ਦੇ ਕੁਝ ਦਾਅਵਿਆਂ ਦਾ ਖੰਡਨ ਕੀਤਾ ਹੈ, ਜਿਸ ਵਿੱਚ ਕਿਹਾ ਗਿਆ ਹੈ ਕਿ ਗੋਲੀ ਮਾਰਨ ਤੋਂ ਪਹਿਲਾਂ ਨਿਜ਼ਾਮੁਦੀਨ ਨੇ ਖੁਦ ਮਦਦ ਲਈ ਬੁਲਾਇਆ ਸੀ।



## ਪੰਜਾਬ 'ਚ ਪ੍ਰਵਾਸੀਆਂ ਵਿਰੁੱਧ ਪਿਆ ਵੱਡਾ ਮਤਾ ! ਰਾਤ ਨੂੰ ਘੁੰਮਣ 'ਤੇ ਲਾਈ ਪਾਬੰਦੀ

### ਤਿਉਹਾਰ ਮਨਾਉਣ ਲਈ ਨਹੀਂ ਮਿਲੇਗੀ ਜਗ੍ਹਾ, ਕੱਟੀਆਂ ਜਾਣਗੀਆਂ ਵੋਟਾਂ

**ਜਲੰਧਰ, 19 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਜਲੰਧਰ ਜ਼ਿਲ੍ਹੇ ਦੇ ਆਦਮਪੁਰ ਨੇੜੇ ਇੱਕ ਪਿੰਡ ਡਰੋਲੀ ਕਲਾਂ ਵਿੱਚ ਪ੍ਰਵਾਸੀ ਮਜ਼ਦੂਰਾਂ ਸੰਬੰਧੀ ਇਲਾਕੇ ਦੀਆਂ ਪੰਚਾਇਤਾਂ ਦੀ ਇੱਕ ਐਮਰਜੈਂਸੀ ਮੀਟਿੰਗ ਬੁਲਾਈ ਗਈ, ਅਤੇ ਇੱਕ ਮਹੱਤਵਪੂਰਨ ਫੈਸਲਾ ਲਿਆ ਗਿਆ। ਮੀਟਿੰਗ ਵਿੱਚ ਨੇੜਲੇ ਕਈ ਪਿੰਡਾਂ ਦੀਆਂ ਪੰਚਾਇਤਾਂ ਨੇ ਹਿੱਸਾ ਲਿਆ, ਅਤੇ ਕਈ ਮਤੇ ਸਰਬਸੰਮਤੀ ਨਾਲ ਪਾਸ ਕੀਤੇ ਗਏ। ਮੀਟਿੰਗ ਵਿੱਚ ਫੈਸਲਾ ਕੀਤਾ ਗਿਆ ਕਿ ਪ੍ਰਵਾਸੀ ਮਜ਼ਦੂਰਾਂ ਨੂੰ ਆਧਾਰ ਕਾਰਡ ਅਤੇ ਵੋਟਰ ਕਾਰਡ ਜਾਰੀ ਨਹੀਂ ਕੀਤੇ ਜਾਣਗੇ। ਜਿਨ੍ਹਾਂ ਕੋਲ ਪਹਿਲਾਂ ਹੀ ਆਪਣੀਆਂ ਵੋਟਾਂ ਹਨ, ਉਨ੍ਹਾਂ ਨੂੰ ਰੱਦ ਕਰ ਦਿੱਤਾ ਜਾਵੇਗਾ। ਇਸ ਤੋਂ ਇਲਾਵਾ, ਕਿਸੇ ਵੀ ਪ੍ਰਵਾਸੀ ਨੂੰ ਰਾਤ ਨੂੰ ਪਿੰਡ ਜਾਂ ਚੌਰਾਹਿਆਂ ਵਿੱਚ ਘੁੰਮਣ ਦੀ ਇਜਾਜ਼ਤ ਨਹੀਂ ਹੋਵੇਗੀ। ਪੰਚਾਇਤਾਂ ਨੇ ਇਹ ਵੀ ਫੈਸਲਾ ਕੀਤਾ ਕਿ ਪ੍ਰਵਾਸੀਆਂ ਨੂੰ ਪਿੰਡ ਦੇ ਅੰਦਰ ਕਿਸੇ ਵੀ ਤਿਉਹਾਰ ਲਈ ਸਹਾਇਤਾ ਪ੍ਰਦਾਨ ਨਹੀਂ ਕੀਤੀ ਜਾਵੇਗੀ। ਇਸ ਤੋਂ ਇਲਾਵਾ ਕੋਈ ਵੀ ਪਿੰਡ ਵਾਸੀ ਆਪਣੀ ਜਾਇਦਾਦ ਜਾਂ ਘਰ ਪ੍ਰਵਾਸੀਆਂ ਨੂੰ ਨਹੀਂ ਵੇਚੇਗਾ। ਜੇ ਕੋਈ ਅਜਿਹਾ ਕਰਦਾ ਹੈ, ਤਾਂ ਉਹ ਸਥਿਤੀ ਲਈ ਜ਼ਿੰਮੇਵਾਰ ਹੋਵੇਗਾ। ਇਸ ਮੌਕੇ 'ਤੇ ਜਥੇਦਾਰ ਮਨੋਹਰ ਸਿੰਘ ਨੇ ਕਿਹਾ ਕਿ ਪ੍ਰਵਾਸੀ ਮਜ਼ਦੂਰਾਂ ਨਾਲ ਸਬੰਧਤ ਮੁੱਦਿਆਂ ਨੂੰ ਹੱਲ ਕਰਨ ਲਈ ਹੋਰ ਰਣਨੀਤੀਆਂ 'ਤੇ ਚਰਚਾ ਕਰਨ ਲਈ ਆਉਣ ਵਾਲੇ ਦਿਨਾਂ ਵਿੱਚ 25 ਤੋਂ 30 ਪਿੰਡਾਂ ਦੀ ਇੱਕ ਹੋਰ ਵੱਡੀ ਮੀਟਿੰਗ ਬੁਲਾਈ ਜਾਵੇਗੀ। ਹੁਸ਼ਿਆਰਪੁਰ ਵਿੱਚ 5 ਸਾਲ ਦੇ ਬੱਚੇ ਦੇ ਅਗਵਾ ਅਤੇ ਕਤਲ ਨੇ ਰਾਜ ਭਰ ਵਿੱਚ ਪ੍ਰਵਾਸੀਆਂ ਵਿਰੁੱਧ ਗੁੱਸਾ ਪੈਦਾ ਕਰ ਦਿੱਤਾ ਹੈ। ਕਈ ਪਿੰਡਾਂ ਦੀਆਂ ਪੰਚਾਇਤਾਂ ਨੇ ਪ੍ਰਵਾਸੀਆਂ ਨੂੰ ਇਲਾਕੇ ਵਿੱਚੋਂ ਕੱਢਣ ਲਈ ਸਰਗਰਮ ਕਦਮ ਚੁੱਕਣੇ ਸ਼ੁਰੂ ਕਰ ਦਿੱਤੇ ਹਨ।

## 'ਯਾ ਅਲੀ' ਵਰਗੇ ਹਿੱਟ ਗੀਤ ਦੇਣ ਵਾਲੇ ਜ਼ੂਬੀਨ ਦਾ ਦੇਹਾਂਤ, ਸਦਮੇ 'ਚ ਸੰਗੀਤ ਜਗਤ

**ਮੁੰਬਈ, 19 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਆਸਾਮ ਦੇ ਪ੍ਰਸਿੱਧ ਗਾਇਕ ਜ਼ੂਬੀਨ ਗਰਗ ਦਾ ਸ਼ੁੱਕਰਵਾਰ ਨੂੰ ਸਿੰਗਾਪੁਰ ਵਿੱਚ ਅਚਾਨਕ ਦੇਹਾਂਤ ਹੋ ਗਿਆ। 52 ਸਾਲਾ ਗਾਰਗ ਸਕੂਬਾ ਡਾਈਵਿੰਗ ਦੌਰਾਨ ਹਾਦਸੇ ਦਾ ਸ਼ਿਕਾਰ ਹੋਏ। ਉਨ੍ਹਾਂ ਨੂੰ ਤੁਰੰਤ ਹਸਪਤਾਲ ਲਿਜਾਇਆ ਗਿਆ ਅਤੇ ਇੰਟੇਨਸਿਵ ਕੇਅਰ ਯੂਨਿਟ ਵਿੱਚ ਦਾਖ਼ਲ ਕਰਵਾਇਆ ਗਿਆ, ਪਰ ਡਾਕਟਰਾਂ ਦੀਆਂ ਕੋਸ਼ਿਸ਼ਾਂ ਦੇ ਬਾਵਜੂਦ ਉਨ੍ਹਾਂ ਨੂੰ ਬਚਾਇਆ ਨਾ ਜਾ ਸਕਿਆ। ਜ਼ੂਬੀਨ ਗਰਗ ਆਪਣੇ ਮਸ਼ਹੂਰ ਗੀਤਾਂ "ਯਾ ਅਲੀ', "ਪੀਆ ਰੇ" ਅਤੇ "ਜਾਜਾਬਰ" ਸਮੇਤ ਕਈ ਹਿੱਟ ਟਰੈਕਾਂ ਲਈ ਜਾਣੇ ਜਾਂਦੇ ਸਨ। ਅਸਾਮੀ, ਹਿੰਦੀ ਅਤੇ ਹੋਰ ਭਾਸ਼ਾਵਾਂ ਵਿੱਚ ਸੈਂਕੜੇ ਗੀਤ ਗਾਉਣ ਵਾਲੇ ਗਰਗ ਸਿੰਗਾਪੁਰ ਵਿੱਚ ਸ਼ੁਰੂ ਹੋਣ ਵਾਲੇ ਤਿੰਨ ਦਿਨਾਂ ਦੇ ਨਾਰਥ ਈਸਟ ਫੈਸਟਿਵਲ ਵਿੱਚ ਸ਼ਮੂਲੀਅਤ ਲਈ ਗਏ ਸਨ। ਉਨ੍ਹਾਂ ਦੇ ਦੇਹਾਂਤ ਤੋਂ ਬਾਅਦ ਸੰਗੀਤ ਤੇ ਫ਼ਿਲਮ ਜਗਤ ਦੀਆਂ ਕਈ ਹਸਤੀਆਂ ਨੇ ਸੋਗ ਪ੍ਰਗਟ ਕੀਤਾ। ਅਦਾਕਾਰ ਆਦਿਲ ਹੁਸੈਨ ਨੇ ਕਿਹਾ ਕਿ ਉਹ ਗਰਗ ਦੇ ਅਚਾਨਕ ਦੇਹਾਂਤ ਕਾਰਨ "ਬਹੁਤ ਦੁਖੀ ਅਤੇ ਹੈਰਾਨ" ਹਨ। ਜ਼ੂਬੀਨ ਦੀ ਆਵਾਜ਼ ਤੇ ਯੋਗਦਾਨ ਹਮੇਸ਼ਾ ਜ਼ਿੰਦਾ ਰਹੇਗਾ। ਪਰਮਾਤਮਾ ਤੁਹਾਡੀ ਆਤਮਾ ਨੂੰ ਸ਼ਾਂਤੀ ਦੇਵੇ। ਮਿਊਜ਼ੀਸ਼ੀਅਨ ਪਾਪੋਨ ਅੰਗਾਰਾਗ ਨੇ ਉਨ੍ਹਾਂ ਨੂੰ "ਇਕ ਪੀੜ੍ਹੀ ਦੀ ਆਵਾਜ਼" ਦੱਸਦਿਆਂ ਕਿਹਾ ਕਿ ਉਹ ਇਕ ਦੋਸਤ ਅਤੇ ਭਰਾ ਨੂੰ ਗੁਆ ਬੈਠੇ ਹਨ। ਬਹੁਤ ਵੱਡਾ ਘਾਟਾ ਪਿਆ ਹੈ। ਉਨ੍ਹਾਂ ਦੀ ਆਤਮਾ ਨੂੰ ਸ਼ਾਂਤੀ ਮਿਲੇ, ਇਸ ਲਈ ਪ੍ਰਾਰਥਨਾ ਕਰਦਾ ਹਾਂ।' ਗਾਇਕ ਵਿਸ਼ਾਲ ਮਿਸ਼ਰਾ ਨੇ ਪੁਰਾਣੀ ਤਸਵੀਰ ਸਾਂਝੀ ਕਰਦਿਆਂ ਲਿਖਿਆ, ਜ਼ੂਬੀਨ ਦਾ, ਹਰ ਕਿਸੇ ਵਾਂਗ ਮੈਨੂੰ ਨੀ ਤੁਹਾਡੀ ਆਵਾਜ਼ ਬਹੁਤ ਪਸੰਦ ਸੀ ਅਤੇ ਮੈਂ ਉਸ ਨਾਲ ਬਹੁਤ ਜੁੜਿਆ ਸੀ! ਤੁਸੀਂ ਸਾਨੂੰ ਛੱਡ ਕੇ ਬਹੁਤ ਜਲਦੀ ਚਲੇ ਗਏ।' ਅਰਮਾਨ ਮਾਲਿਕ ਨੇ ਕਿਹਾ ਕਿ ਉਹ ਬਹੁਤ ਹੀ ਦੁਖੀ ਹਨ ਅਤੇ ਇਸ ਖ਼ਬਰ 'ਤੇ ਯਕੀਨ ਨਹੀਂ ਕਰ ਪਾ ਰਹੇ ਹਨ। ਸੰਗੀਤਕਾਰ ਪ੍ਰੀਤਮ ਨੇ ਉਨ੍ਹਾਂ ਦੇ ਪਰਿਵਾਰ ਪ੍ਰਤੀ ਹਮਦਰਦੀ ਜ਼ਾਹਿਰ ਕਰਦਿਆਂ ਲਿਖਿਆ ਕਿ ਇਹ ਹਾਦਸਾ ਸਭ ਤੋਂ ਭਿਆਨਕ ਤੇ ਦੁਖਦਾਈ ਹੈ। ਨਾਰਥ ਈਸਟ ਫੈਸਟਿਵਲ ਦੇ ਆਯੋਜਕਾਂ ਨੇ ਇਕ ਬਿਆਨ ਜਾਰੀ ਕਰਕੇ ਦੱਸਿਆ ਕਿ ਸਕੂਬਾ ਡਾਈਵਿੰਗ ਦੌਰਾਨ ਗਰਗ ਨੂੰ ਸਾਹ ਲੈਣ ਵਿੱਚ ਮੁਸ਼ਕਲ ਆਈ ਸੀ। ਉਨ੍ਹਾਂ ਨੂੰ ਤੁਰੰਤ ਸੀਪੀਆਰ ਦੇਣ ਤੋਂ ਬਾਅਦ ਸਿੰਗਾਪੁਰ ਜਨਰਲ ਹਸਪਤਾਲ ਲਿਆਂਦਾ ਗਿਆ, ਜਿੱਥੇ ਦੁਪਹਿਰ ਲਗਭਗ 2:30 ਵਜੇ ਉਨ੍ਹਾਂ ਨੂੰ ਮ੍ਰਿਤ ਘੋਸ਼ਿਤ ਕਰ ਦਿੱਤਾ ਗਿਆ। ਅਸਾਮ ਦੇ ਮੁੱਖ ਮੰਤਰੀ ਹਿਮੰਤ ਬਿਸਵਾ ਸਰਮਾ ਨੇ ਵੀ ਗਹਿਰੇ ਦੁੱਖ ਦਾ ਪ੍ਰਗਟਾਵਾ ਕੀਤਾ। ਉਨ੍ਹਾਂ ਨੇ ਕਿਹਾ ਕਿ ਰਾਜ ਨੇ ਆਪਣਾ "ਪਿਆਰਾ ਪੁੱਤਰ" ਗੁਆ ਦਿੱਤਾ ਹੈ ਅਤੇ ਇਹ ਉਮਰ ਕਿਸੇ ਦੇ ਜਾਣ ਦੀ ਨਹੀਂ ਸੀ। ਉਨ੍ਹਾਂ ਨੇ ਜ਼ੂਬੀਨ ਦੀ ਅਸਾਮੀ ਸੱਭਿਆਚਾਰ ਅਤੇ ਸੰਗੀਤ ਵਿੱਚ ਨਿਭਾਈ ਭੂਮਿਕਾ ਨੂੰ ਯਾਦ ਕਰਦਿਆਂ ਕਿਹਾ ਕਿ ਉਹ ਹਮੇਸ਼ਾਂ ਲੋਕਾਂ ਦੇ ਦਿਲਾਂ ਵਿੱਚ ਜ਼ਿੰਦਾ ਰਹਿਣਗੇ। ਜ਼ੂਬੀਨ ਗਰਗ ਆਪਣੇ ਪਿੱਛੇ ਆਪਣੀ ਪਤਨੀ ਗਰੀਮਾ ਨੂੰ ਛੱਡ ਗਏ ਹਨ। ਉਨ੍ਹਾਂ ਦੇ ਅਚਾਨਕ ਚਲੇ ਜਾਣ ਨਾਲ ਉੱਤਰ-ਪੂਰਬ ਅਤੇ ਪੂਰੇ ਦੇਸ਼ ਦੇ ਸੰਗੀਤ ਪ੍ਰੇਮੀਆਂ ਵਿੱਚ ਸੋਗ ਦੀ ਲਹਿਰ ਦੌੜ ਪਈ ਹੈ।



## ਇੰਗਲੈਂਡ 'ਚ ਭਾਈ ਕਪਤਾਨ ਸਿੰਘ 'ਤੇ ਹਮਲਾ ਕਾਇਰਤਾ ਭਰੀ ਹਰਕਤ- ਸਿੰਘ ਸਾਹਿਬ ਗਿਆਨੀ ਜਸਵੀਰ ਸਿੰਘ ਰੋਡੇ

**ਜਲੰਧਰ, 18 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਪਿਛਲੇ ਦਿਨੀਂ ਇੰਟਰਨੈਸ਼ਨਲ ਪੰਥਕ ਦਲ ਦੇ ਸਿਰਕੱਢ ਆਗੂ ਭਾਈ ਕਪਤਾਨ ਸਿੰਘ 'ਤੇ ਗੁਰਦੁਆਰਾ ਸੈਜਲੀ ਸਟਰੀਟ ਵਿਖੇ ਜੋ ਜਾਨਲੇਵਾ ਹਮਲਾ ਕੀਤਾ ਗਿਆ ਅਤੇ ਜਿਸ ਵਿੱਚ ਭਾਈ ਕਪਤਾਨ ਸਿੰਘ ਬੁਰੀ ਤਰ੍ਹਾਂ ਜ਼ਖਮੀਂ ਹੋ ਗਏ ਅਤੇ ਪੁਲਸ ਵੱਲੋਂ ਮੌਕੇ 'ਤੇ ਦਖਲ ਦੇ ਕੇ ਭਾਈ ਕਪਤਾਨ ਸਿੰਘ ਨੂੰ ਹਸਪਤਾਲ ਪਹੁੰਚਾਇਆ ਗਿਆ। ਇਹ ਇੱਕ ਅਤਿਅੰਤ ਨਿੰਦਣਯੋਗ ਹਰਕਤ ਹੈ ਜੋ ਸ੍ਰੀ ਗੁਰੂ ਗਰੰਥ ਸਾਹਿਬ ਜੀ ਦੀ ਹਜ਼ੂਰੀ ਵਿੱਚ ਕੀਤੀ ਗਈ ਉਕਤ ਵਿਚਾਰ ਪ੍ਰਗਟ ਕਰਦੇ ਹੋਏ ਸ੍ਰੀ ਅਕਾਲ ਤਖ਼ਤ ਸਾਹਿਬ ਜੀ ਦੇ ਸਾਬਕਾ ਜਥੇਦਾਰ ਗਿਆਨੀ ਜਸਵੀਰ ਸਿੰਘ ਰੋਡੇ ਨੇ ਦਸਿਆ ਕਿ ਆਪਣੇ ਆਪ ਨੂੰ ਮਾਰਸ਼ਲ ਜਥੇਬੰਦੀ ਤੇ ਸਿੱਖ ਕੌਮ ਦੀ ਆਜ਼ਾਦੀ ਦੀ ਗੱਲ ਕਰਨ ਵਾਲੀ ਅਤੇ ਖਾਲਿਸਤਾਨ ਲਈ ਜੂਝਣ ਵਾਲੀ ਤੇ ਹੋਰ ਕਈ ਤਰ੍ਹਾਂ ਦੇ ਵਿਸ਼ਲੇਸ਼ਨ ਰੱਖਦੀ ਹੈ, ਜਿਸ ਨੇ ਓਪਰੇ ਬੰਦਿਆਂ ਨੂੰ ਸੱਦ ਕੇ ਇਸ ਘਿਨਾਉਣੀ ਹਰਕਤ ਨੂੰ ਅੰਜਾਮ ਦਿਤਾ ਹੈ, ਪਰ ਅਜਿਹੇ ਮਾੜੇ ਕਾਰਨਾਮਿਆਂ ਦੇ ਕਦੇ ਚੰਗੇ ਨਤੀਜੇ ਨਹੀਂ ਹੁੰਦੇ। ਸਿੰਘ ਸਾਹਿਬ ਨੇ ਅੱਗੇ ਕਿਹਾ ਕਿ ਇਹ ਕਿੰਨੀ ਕੁ ਬਹਾਦਰੀ ਦੀ ਗੱਲ ਹੈ ਕਿ 15-20 ਬੰਦੇ ਭਾਈ ਕਪਤਾਨ ਸਿੰਘ ਨੂੰ ਫੜ ਕੇ ਬੁਰੀ ਤਰ੍ਹਾਂ ਜ਼ਖਮੀਂ ਕਰ ਦੇਣ। ਇਨ੍ਹਾਂ ਹਮਲਾਵਰ ਲੋਕਾਂ ਨੇ ਨਾ ਤਾਂ ਸਾਬਤ ਸੂਰਤ ਦਾਹੜੇ ਕੇਸਾਂ ਦੀ ਕਦਰ ਕੀਤੀ ਅਤੇ ਨਾ ਹੀ ਗੁਰਦੁਆਰਾ ਸਾਹਿਬ ਤੇ ਗੁਰੂ ਸਾਹਿਬ ਦੀ ਮਾਣ ਮਰਿਯਾਦਾ ਦਾ ਖਿਆਲ ਰੱਖਿਆ, ਜਿਸ ਸਬੰਧੀ ਸੰਗਤ ਭਲੀਭਾਂਤ ਜਾਣਦੀ ਹੈ, ਜਲਦੀ ਹੀ ਇਨ੍ਹਾਂ ਅਖੌਤੀ ਪੰਥਕ ਲੋਕਾਂ ਦਾ ਅਸਲੀ ਚਿਹਰਾ ਨੰਗਾ ਹੋ ਜਾਵੇਗਾ। ਇੰਗਲੈਂਡ ਦੀਆਂ ਬਹੁਤ ਸਾਰੀਆਂ ਸੰਗਤਾਂ ਤੇ ਸ਼ਖਸੀਅਤਾਂ ਨੇ ਭਾਈ ਕਪਤਾਨ ਸਿੰਘ ਨਾਲ ਹਮਦਰਦੀ ਪ੍ਰਗਟਾਈ ਹੈ ਅਤੇ ਹਰ ਤਰ੍ਹਾਂ ਦਾ ਸਹਿਯੋਗ ਦੇਣ ਦਾ ਭਰੋਸਾ ਦਿਤਾ ਹੈ। ਸਿੰਘ ਸਾਹਿਬ ਨੇ ਕਿਹਾ ਕਿ ਅਸੀਂ ਸਮੁੱਚੇ ਇੰਟਰਨੈਸ਼ਨਲ ਪੰਥਕ ਵੱਲੋਂ ਉਨ੍ਹਾਂ ਸਭ ਲੋਕਾਂ ਦਾ ਧੰਨਵਾਦ ਕਰਦੇ ਹਾਂ। ਜਿਨ੍ਹਾਂ ਨੇ ਇਸ ਦੁੱਖ ਦੀ ਘੜੀ ਵਿੱਚ ਭਾਈ ਕਪਤਾਨ ਸਿੰਘ ਲਈ ਹਾਅ ਦਾ ਨਾਅਰਾ ਮਾਰਿਆ ਹੈ ਅਤੇ ਹਰ ਤਰ੍ਹਾਂ ਦਾ ਸਹਿਯੋਗ ਦੇਣ ਲਈ ਭਰੋਸਾ ਦਿਤਾ, ਅਸੀਂ ਇੰਗਲੈਂਡ ਦੀ ਸਮੁੱਚੀ ਇੰਟਰਨੈਸ਼ਨਲ ਪੰਥਕ ਦਲ ਦੀ ਜਥੇਬੰਦੀ ਨੂੰ ਅਪੀਲ ਕਰਦੇ ਹਾਂ ਕਿ ਉਹ ਪੂਰੀ ਤਰ੍ਹਾਂ ਜ਼ਾਬਤੇ ਵਿੱਚ ਰਹਿਣ ਕਿਉਂਕਿ ਕਾਨੂੰਨ ਨੇ ਆਪਣੀ ਕਾਰਵਾਈ ਕਰਨੀ ਹੈ। ਬਾਕੀ ਗੁਰੂ ਸਾਹਿਬਾਨ ਆਪ ਜਾਣਦੇ ਹਨ, ਸਮੇਂ ਨਾਲ ਦੁੱਧ ਦਾ ਦੁੱਧ ਅਤੇ ਪਾਣੀ ਦਾ ਪਾਣੀ ਹੋ ਜਾਣਾ ਹੈ।







ਆਵਾਜ਼ਿ ਕੌਮ AWAZE QAUM International Newspaper & WEB TV

# ਸੈਜਲੀ ਸਟ੍ਰੀਟ ਗੁਰਦੁਆਰਾ ਵੋਲਵਰਹੈਪਟਨ 'ਚ ਹਿੰਸਕ ਘਟਨਾ

## ਗੈਰਵਿਧਾਨਕ ਕਮੇਟੀ ਤੇ ਅਖੌਤੀ ਆਗੂਆਂ ਦੇ ਇਸ਼ਾਰੇ ਗੁਰੂ ਦਰਬਾਰ ਵਿੱਚ ਹੁੱਲੜਬਾਜ਼ੀ ਤੇ ਬੇਅਦਬੀ ਬਰਦਾਸ਼ਤ ਨਹੀਂ- ਸਾਬਕਾ ਕਮੇਟੀਆਂ ਦੇ ਮੈਂਬਰ ਤੇ ਸਮੂਹ ਸੰਗਤਾਂ ਗੁਰੂ ਨਾਨਕ ਸਿੱਖ ਗੁਰਦੁਆਰਾ ਸੈਜਲੀ ਸਟ੍ਰੀਟ ਵੁਲਵਰਹੈਂਪਟਨ







**ਵੁਲਵਰਹੈਪਟਨ, 14 ਸਤੰਬਰ (ਆਵਾਜ਼ਿ ਕੌਮ ਬਿਊਰੋ)**- ਸੈਜਲੀ ਸਟ੍ਰੀਟ ਗੁਰਦੁਆਰਾ ਸਾਹਿਬ ਵਿੱਚ ਐਤਵਾਰ ਨੂੰ ਵਾਪਰੀ ਘਟਨਾ ਨੇ ਸਾਰੀ ਸੰਗਤ ਨੂੰ ਝੰਜੋੜ ਕੇ ਰੱਖ ਦਿੱਤਾ ਹੈ। ਗੈਰ-ਵਿਧਾਨਕ ਕਮੇਟੀ ਅਤੇ ਉਨ੍ਹਾਂ ਦੇ ਸਲਾਹਕਾਰਾਂ ਵੱਲੋਂ ਬਾਹਰਲੇ ਲੋਕਾਂ ਨੂੰ ਸੱਦ ਕੇ ਗੁਰਦੁਆਰਾ ਅੰਦਰ ਹਿੰਸਾ ਕਰਵਾਈ ਗਈ। ਟਰਸਟੀਆਂ ਨੂੰ ਸੰਗਤ ਨਾਲ ਗੱਲ ਕਰਨ ਤੋਂ ਰੋਕਿਆ ਗਿਆ ਅਤੇ ਇਤਰਾਜ਼ ਉਠਾਉਣ ਵਾਲਿਆਂ 'ਤੇ ਹਮਲਾ ਕੀਤਾ ਗਿਆ।

ਇਸ ਘਟਨਾ ਵਿੱਚ ਕਪਤਾਨ ਸਿੰਘ, ਰਘਬੀਰ ਸਿੰਘ ਅਤੇ ਮਹਿੰਦਰ ਸਿੰਘ ਜਖ਼ਮੀ ਹੋਏ ਕਪਤਾਨ ਸਿੰਘ ਅਤੇ ਰਘਬੀਰ ਸਿੰਘ ਨੂੰ ਹਸਪਤਾਲ ਵਿੱਚ ਦਾਖਲ ਕਰਨਾ ਪਿਆ।

**ਸਾਬਕਾ ਕਮੇਟੀ ਮੈਂਬਰਾਂ ਤੇ ਸੰਗਤਾਂ ਨੇ ਸਾਝੇ ਬਿਆਨ ਵਿੱਚ ਦੱਸਿਆ ਕੇ ਗੈਰ-ਵਿਧਾਨਕ ਕਮੇਟੀ ਨੇ ਬਾਹਰਲੇ ਗੁਰੂ ਘਰ ਵਿੱਚ ਕੀਤੀ ਹੁੱਲੜਬਾਜ਼ੀ - ਦੋ ਜ਼ਖ਼ਮੀ, ਇੱਕ ਹਸਪਤਾਲ ਵਿੱਚ ਦਾਖਲ**

ਸੰਗਤ ਦੇ ਮੈਂਬਰਾਂ, ਪੁਰਾਣੀਆਂ ਕਮੇਟੀਆਂ ਦੇ ਸੇਵਾਦਾਰਾਂ ਅਤੇ ਸ਼ੁਭਚਿੰਤਕਾਂ ਨੇ ਇਸ ਘਟਨਾ ਨੂੰ ਗੁਰੂ ਗ੍ਰੰਥ ਸਾਹਿਬ ਜੀ ਦੀ ਬੇਅਦਬੀ ਅਤੇ ਸਿੱਖ ਮਰਿਆਦਾ ਦੀ ਖੁੱਲ੍ਹੀ ਉਲੰਘਣਾ ਦੱਸਿਆ ਹੈ। ਉਨ੍ਹਾਂ ਨੇ ਕਿਹਾ ਕਿ ਇਹ 60 ਸਾਲਾ ਤੋਂ ਵੱਧ ਇਤਿਹਾਸ ਵਿੱਚ ਪਹਿਲੀ ਵਾਰ ਹੈ ਕਿ ਗੁਰੂ ਘਰ ਦੇ ਅੰਦਰ ਹੀ ਤਾਨਾਸ਼ਾਹ ਵਲੋਂ ਧੱਕੇਸ਼ਾਹੀ ਅਤੇ ਕੁੱਟਮਾਰ ਵਾਪਰੀ ਹੈ।

ਸੰਗਤ ਨੇ ਗੈਰ-ਵਿਧਾਨਕ ਕਮੇਟੀ ਦੀ ਤਿੱਖੀ ਨਿੰਦਾ ਕਰਦਿਆਂ ਕਿਹਾ ਹੈ ਕਿ ਉਹ ਲੋਕ ਜਿਨ੍ਹਾਂ ਨੇ ਗੁਰੂ ਘਰ ਵਿੱਚ ਹੁੱਲੜਬਾਜ਼ੀ ਕਰਵਾਈ, ਸਿੱਖੀ ਦੇ ਨਾਮ ਨੂੰ ਦਾਗ.ਦਾਰ ਕੀਤਾ ਹੈ ਅਤੇ ਗੁਰੂ ਘਰ ਦੀ ਸ਼ਾਂਤੀ ਨੂੰ ਭੰਗ ਕੀਤਾ ਹੈ।ਅਜਿਹੇ ਵਿਅਕਤੀਆਂ ਦੀ ਗੁਰੂ ਘਰ ਵਿੱਚ ਕੋਈ ਵੀ ਜਗ੍ਹਾ ਨਹੀਂ ਹੋਣੀ ਚਾਹੀਦੀ।

ਸਾਰੇ ਸਿੱਖ ਜਗਤ ਅੱਗੇ ਬੇਨਤੀ ਕੀਤੀ ਗਈ ਹੈ ਕਿ ਅਜਿਹੀਆਂ ਗੈਰ-ਵਿਧਾਨਕ ਕਮੇਟੀਆਂ ਅਤੇ ਉਨ੍ਹਾਂ ਦੇ ਸਾਥੀਆਂ ਨੂੰ ਸੰਗਤ ਦੇ ਵਿਚਕਾਰੋਂ ਬੇਨਕਾਬ ਕਰਕੇ ਸਖ਼ਤ ਵਿਰੋਧ ਕੀਤਾ ਜਾਵੇ, ਤਾਂ ਜੋ ਭਵਿੱਖ ਵਿੱਚ ਕੋਈ ਵੀ ਗੁਰੂ ਘਰ ਦੀ ਪਵਿੱਤਰਤਾ ਨਾਲ ਖਿਲਵਾੜ ਨਾ ਕਰ ਸਕੇ।

ਅਸੀਂ ਹੇਠ ਲਿਖੇ ਇਸ ਗੈਰ ਵਿਧਾਨਿਕ ਕਮੇਟੀ ਅਤੇ ਇਹਨਾਂ ਦੇ ਸਲਾਹਕਾਰ ਲੋਕਲ ਧਾਰਮਿਕ ਆਗੂਆਂ ਦੀ ਸਖਤ ਨਿੰਦਾ ਅਤੇ ਵਿਰੋਧ ਕਰਦੇ ਹਾਂ

ਗੁਰਦੀਪ ਸਿੰਘ ਘੁੜਕਾ, ਗੁਰਦਿਆਲ ਸਿੰਘ ਧਾਲੀਵਾਲ ਪ੍ਰਦੀਪ ਸਿੰਘ ਬਾਸੀ, ਸਰਬਜੀਤ ਸਿੰਘ ਸੱਬਾ, ਸਰਬਜੀਤ ਸਿੰਘ ਗਿੱਲ, ਦਵਿੰਦਰ ਸਿੰਘ ਢੇਸੀ, ਸੁਰਜੀਤ ਸਿੰਘ ਬਾਹੀਆ, ਅਮਰੀਕ ਸਿੰਘ ਦੇਵਗਨ, ਜੀਤ ਸਿੰਘ ਅਠਵਾਲ, ਜਰਨੈਲ ਸਿੰਘ, ਕੁਲਦੀਪ ਸਿੰਘ ਬੈਂਸ, ਇਕਬਾਲ ਕੌਰ ਲੱਲੀ, ਗੁਰਦੇਵ ਕੌਰ, ਸੋਹਣ ਸਿੰਘ, ਮਹਿੰਦਰ ਸਿੰਘ, ਸਲਿੰਦਰ ਸਿੰਘ ਮਾਨ, ਗੁਰਜੀਤ ਸਿੰਘ ਜੌਹਲ, ਮਲਿਹਾਰ ਸਿੰਘ ਬਾਦ, ਸੁਖਵਿੰਦਰ ਸਿੰਘ ਸੰਧੂ, ਅਮਰਜੀਤ ਸਿੰਘ ਕਾਲੀ ਰਾਏ, ਗੁਰਮੁਖ ਸਿੰਘ ਸੰਧਰ, ਹਰਭਜਨ ਸਿੰਘ ਪਤਾਰਾ, ਨਰਿੰਦਰ ਸਿੰਘ, ਕਿਰਨਦੀਪ, ਕੌਰ, ਸਤਬੀਰ ਸਿੰਘ, ਸੱਜਵੰਤ ਸਿੰਘ ਸੰਧੂ, ਸੁਖਵੰਤ ਸਿੰਘ, ਅੰਮ੍ਰਿਤ ਪਾਲ ਸਿੰਘ, ਬਾਜ ਸਿੰਘ, ਮਨਦੀਪ ਕੌਰ, ਕੁਲਦੀਪ ਕੌਰ, ਨਿਰਜਨ ਨਰਿੰਦਰਜੀਤ ਸਿੰਘ ਖਾਲਸਾ ਮਨਜਿੰਦਰ ਸਿੰਘ,, ਬਲਰਾਜ ਸਿੰਘ, ਮਨਜਿੰਦਰ ਸਿੰਘ ਚੀਮਾ ਕਰਮਜੀਤ ਸਿੰਘ, ਮਨਜੋਧ ਸਿੰਘ, ਕੰਵਰ ਸਿੰਘ, ਜਗਦੀਸ਼ ਸਿੰਘ, ਸੁਰਜੀਤ ਕੌਰ ਅਤੇ ਹੋਰ ਬਹੁਤ ਸਾਰੇ ਗੁਰਦੁਆਰਾ ਸਾਹਿਬ ਦੀ ਸੰਗਤ ਦੇ ਮੈਂਬਰ ਅਤੇ ਸ਼ੁਭ ਚਿੰਤਕ।

ਆਵਾਜ਼ਿ ਕੌਮ AWAZE QAUM International Newspaper & WEB TV

## ਭਾਈ ਕਪਤਾਨ ਸਿੰਘ ਯੂ ਕੇ ਤੇ ਹਮਲਾ ਅਤਿ ਨਿੰਦਣਯੋਗ ਘਟਨਾ :ਜਥੇਦਾਰ ਹਰਚੰਦ ਸਿੰਘ ਚਕਰ





**ਐਡਮਿੰਟਨ /ਕਨੇਡਾ, 19 ਸਤੰਬਰ (ਜਗਮੀਤ ਸਿੰਘ ਬਾਠ)**-ਇੰਟਰਨੈਸ਼ਨਲ ਪੰਥਕ ਦਲ ਦੇ ਪੰਜਾਬ ਪ੍ਰਧਾਨ ਜਥੇਦਾਰ ਹਰਚੰਦ ਸਿੰਘ ਚਕਰ ਜੋ ਇਸ ਸਮੇਂ ਕਨੇਡਾ ਫੇਰੀ ਤੇ ਹਨ ਉਹਨਾਂ ਨੇ ਇੱਕ ਵਿਸ਼ੇਸ਼ ਗੱਲਬਾਤ ਦੌਰਾਨ ਕਿਹਾ ਕਿ ਯੂ ਕੇ ਦੀ ਸਿੱਖ ਕਮਿਊਨਿਟੀ ਵਿੱਚ 14 ਸਤੰਬਰ ਦਿਨ ਐਤਵਾਰ ਨੂੰ ਗੁਰੂ ਨਾਨਕ ਗੁਰਦੁਆਰਾ ਸੈਜਲੀ ਸਟ੍ਰੀਟ ਬਰਮਿੰਘਮ ਵਿੱਚ ਵਾਪਰੀ ਘਟਨਾ ਨੇ ਸਾਰੀ ਕੌਮ ਨੂੰ ਝੰਜੋੜ ਕੇ ਰੱਖ ਦਿੱਤਾ ਹੈ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਤੋਂ ਬਾਅਦ ਹੋਏ ਧਾਰਮਿਕ ਸਮਾਗਮ ਦੌਰਾਨ ਇੰਟਰਨੈਸ਼ਨਲ ਪੰਥਕ ਦਲ ਬੁਲਾਰੇ ਅਤੇ ਇੰਗਲੈਂਡ ਇਕਾਈ ਦੇ ਸੀਨੀਅਰ ਮੀਤ ਪ੍ਰਧਾਨ ਭਾਈ ਕਪਤਾਨ ਸਿੰਘ ਉਪਰ ਕੁੱਝ ਲੋਕਾਂ ਵੱਲੋਂ ਅਚਾਨਕ ਜਾਨਲੇਵਾ ਹਮਲਾ ਕੀਤਾ ਗਿਆ। ਇਸ ਹਮਲੇ ਵਿੱਚ ਭਾਈ ਕਪਤਾਨ ਸਿੰਘ ਗੰਭੀਰ ਰੂਪ ਵਿੱਚ ਜ਼ਖ਼ਮੀ ਹੋਏ ਹਨ ਜਿਨ੍ਹਾਂ ਨੂੰ ਤੁਰੰਤ ਹਸਪਤਾਲ ਭਰਤੀ ਕਰਵਾਇਆ ਗਿਆ ਗੁਰਦੁਆਰਾ ਸਾਹਿਬ ਵਿਖੇ ਕੀਤਾ ਗਿਆ ਹਮਲਾ ਭਾਈ ਕਪਤਾਨ ਸਿੰਘ ਤੇ ਨਹੀਂ ਸਗੋਂ ਸਮੁੱਚੀ ਸਿੱਖ ਕੌਮ ਤੇ ਹਮਲਾ ਹੈ ਗੁਰਦੁਆਰਾ ਸਾਹਿਬ ਦੀ ਪਵਿੱਤਰਤਾ ਵੀ ਭੰਗ ਕੀਤੀ ਗਈ ਹੈ ਇਸ ਹਮਲੇ ਨੂੰ ਲੈ ਕੇ ਕਨੇਡਾ ਦੀਆਂ ਗੁਰੂ ਨਾਨਕ ਨਾਮ ਲੇਵਾ ਸੰਗਤਾਂ ਵਿੱਚ ਗੁੱਸੇ ਦੀ ਲਹਿਰ ਹੈ ਅਤੇ ਯੂ ਕੇ ਸਰਕਾਰ ਪਾਸੋਂ ਇਸ ਹਮਲੇ ਸਬੰਧੀ ਜਾਂਚ ਕਰਕੇ ਦੋਸ਼ੀਆਂ ਖਿਲਾਫ ਬਣਦੀ ਕਾਨੂੰਨੀ ਕਾਰਵਾਈ ਕਰਨ ਦੀ ਮੰਗ ਕਰਦੀ ਹੈ ਉਹਨਾਂ ਅੱਗੇ ਕਿਹਾ ਕਿ ਭਾਈ ਕਪਤਾਨ ਸਿੰਘ ਤੇ ਜਾਨਲੇਵਾ ਹਮਲਾ ਬਰਦਾਸ਼ਤ ਤੋਂ ਬਾਹਰ ਹੈ ਜੋ ਕਿ ਸਹਿਣ ਨਹੀਂ ਕੀਤਾ ਜਾਵੇਗਾ ਅਤੇ ਉਹਨਾਂ ਕਿਹਾ ਕਿ ਇੰਟਰਨੈਸ਼ਨਲ ਪੰਥਕ ਦਲ ਭਾਈ ਕਪਤਾਨ ਸਿੰਘ ਦੇ ਨਾਲ ਚਟਾਨ ਵਾਂਗ ਖੜ੍ਹਾ ਹੈ।



ਆਵਾਜ਼ਿ ਕੌਮ AWAZE QAUM International Newspaper & WEB TV

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

## ਬੁੱਚੜ ਥਾਣੇਦਾਰ ਸੂਬਾ ਸਰਹੰਦ ਦੀਆਂ ਅੰਤਿਮ ਰਸਮਾਂ ਸਿੱਖ ਮਰਯਾਦਾ ਅਨੁਸਾਰ ਨਾ ਕੀਤੀਆਂ ਜਾਣ

# ਕੋਈ ਵੀ ਪਾਠੀ ਤੇ ਰਾਗੀ ਅਖੰਡ ਪਾਠ, ਕੀਰਤਨ ਤੇ ਅਰਦਾਸ ਨਾ ਕਰੇ : ਸਿੱਖ ਯੂਥ ਫੈਡਰੇਸ਼ਨ ਭਿੰਡਰਾਂਵਾਲਾ



**ਅੰਮ੍ਰਿਤਸਰ, 19 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਸਿੱਖ ਯੂਥ ਫੈਡਰੇਸ਼ਨ ਭਿੰਡਰਾਂਵਾਲਾ ਦੇ ਸਾਬਕਾ ਪ੍ਰਧਾਨ ਭਾਈ ਬਲਵੰਤ ਸਿੰਘ ਗੋਪਾਲਾ, ਕੌਮੀ ਪ੍ਰਧਾਨ ਭਾਈ ਰਣਜੀਤ ਸਿੰਘ ਦਮਦਮੀ ਟਕਸਾਲ ਅਤੇ ਸੀਨੀਅਰ ਮੀਤ ਪ੍ਰਧਾਨ ਭਾਈ ਭੁਪਿੰਦਰ ਸਿੰਘ ਛੇ ਜੂਨ ਨੇ ਕਿਹਾ ਕਿ ਬੁੱਚੜ ਥਾਣੇਦਾਰ ਸੂਬਾ ਸਿਹੁੰ ਉਰਫ਼ ਸੂਬਾ ਸਰਹੰਦ ਨੂੰ ਪਟਿਆਲਾ ਜੇਲ੍ਹ ਵਿੱਚ ਸੋਧਣ ਵਾਲੇ ਕੌਮੀ ਯੋਧੇ ਭਾਈ ਸੰਦੀਪ ਸਿੰਘ ਸੰਨੀ ਉੱਤੇ ਸਮੁੱਚੇ ਖ਼ਾਲਸਾ ਪੰਥ ਨੂੰ ਬੇਹੱਦ ਮਾਣ ਹੈ। ਉਹਨਾਂ ਕਿਹਾ ਕਿ 1980-90 ਦੇ ਦਹਾਕੇ ਵਿੱਚ ਸਿੱਖ ਨੌਜਵਾਨਾਂ ਦੇ ਝੂਠੇ ਪੁਲਿਸ ਮੁਕਾਬਲੇ ਬਣਾਉਣ ਵਾਲੇ, ਅਥਾਹ ਤਸ਼ੱਦਦ ਢਾਹੁਣ ਵਾਲੇ, ਦਰਿੰਦਗੀ ਦਾ ਨਾਥ ਨੱਚਣ ਵਾਲੇ ਜ਼ਾਲਮ ਥਾਣੇਦਾਰ ਸੂਬਾ ਸਰਹੰਦ ਦੇ ਜ਼ੁਲਮਾਂ ਨੂੰ ਕਦੇ ਭੁਲਾਇਆ ਨਹੀਂ ਜਾ ਸਕਦਾ ਸੀ। ਖਾੜਕੂਵਾਦ ਸਮੇਂ ਵੀ ਇਸ ਨੂੰ ਕਈ ਵਾਰ ਸਿੰਘਾਂ ਨੇ ਸੋਧਣ ਦੀ ਕੋਸ਼ਿਸ਼ ਕੀਤੀ ਸੀ ਪਰ ਇਹ ਦੁਸ਼ਟ ਉਸ ਸਮੇਂ ਬੱਚ ਗਿਆ ਸੀ। ਪਰ ਹੁਣ ਜਦੋਂ ਇਹ ਸਿੱਖ ਨੌਜਵਾਨਾਂ ਨੂੰ ਕਤਲ ਕਰਨ ਦੇ ਕੇਸ ਵਿੱਚ ਪਟਿਆਲਾ ਜੇਲ੍ਹ ਵਿੱਚ ਨਜ਼ਰਬੰਦ ਸੀ ਤਾਂ ਫ਼ਿਰਕੂ ਹਿੰਦੂਤਵੀ ਸ਼ਿਵ ਸੈਨਿਕ ਸੁਧੀਰ ਸੂਰੀ ਨੂੰ ਸੋਧਣ ਵਾਲੇ ਬੱਬਰ ਸ਼ੇਰ ਭਾਈ ਸੰਦੀਪ ਸਿੰਘ ਸੰਨੀ ਨੇ ਦੁਸ਼ਟ ਸੂਬਾ ਸਰਹੰਦ ਨੂੰ ਖ਼ਾਲਸਾਈ ਪ੍ਰੰਪਰਾਵਾਂ ਅਨੁਸਾਰ ਸੋਧ ਕੇ ਨਰਕਗਾਮੀ ਕਰ ਦਿੱਤਾ ਹੈ। ਭਾਈ ਸੰਦੀਪ ਸਿੰਘ ਸੰਨੀ ਦੇ ਦੋਵੇਂ ਐਕਸ਼ਨ ਸਿੱਖ ਇਤਿਹਾਸ ਅਤੇ ਸਿੱਖ ਸੰਘਰਸ਼ ਦੇ ਚੋਟੀ ਦੇ ਕਾਰਨਾਮੇ ਹਨ। ਫੈਡਰੇਸ਼ਨ ਆਗੂਆਂ ਨੇ ਕਿਹਾ ਕਿ ਕੌਮੀ ਯੋਧੇ ਭਾਈ ਸੰਦੀਪ ਸਿੰਘ ਸੰਨੀ ਉੱਤੇ ਪੁਲਿਸ ਪ੍ਰਸ਼ਾਸਨ ਵੱਲੋਂ ਢਾਹਿਆ ਘੋਰ ਤਸ਼ੱਦਦ ਇਸ ਗੱਲ ਦੀ ਗਵਾਹੀ ਭਰਦਾ ਹੈ ਕਿ ਸਿੱਖ ਨੌਜਵਾਨਾਂ ਪ੍ਰਤੀ ਸਰਕਾਰ ਅਤੇ ਪੁਲਿਸ ਦੀ ਨੀਤੀ ਜਿਉਂ ਦੀ ਤਿਉਂ ਹੀ ਹੈ। ਫੈਡਰੇਸ਼ਨ ਆਗੂਆਂ ਨੇ ਇਹ ਵੀ ਕਿਹਾ ਕਿ ਇਸ ਬੁੱਚੜ ਥਾਣੇਦਾਰ ਸੂਬਾ ਸਰਹੰਦ ਨੇ ਸਿੱਖ ਪੰਥ ਦੀ ਮਹਾਨ ਸ਼ਖਸੀਅਤ ਬਾਬਾ ਚਰਨ ਸਿੰਘ ਜੀ ਕਾਰ ਸੇਵਾ ਵਾਲੇ ਮਹਾਂਪੁਰਸ਼ਾਂ ਨੂੰ ਜੀਪਾਂ ਪਿੱਛੇ ਬੰਨ੍ਹ ਕੇ ਦੋਫਾੜ ਕਰਕੇ ਸ਼ਹੀਦ ਕੀਤਾ ਸੀ ਅਤੇ ਹੋਰ ਵੀ ਕਈ ਘਰ ਉਜਾੜੇ ਸਨ ਤੇ ਸਿੱਖਾਂ ਦੀਆਂ ਲਾਸ਼ਾਂ ਨੂੰ ਲਵਾਰਿਸ ਕਹਿ ਕੇ ਸਾੜ ਦਿੱਤਾ ਸੀ। ਉਹਨਾਂ ਕਿਹਾ ਕਿ ਸੂਬਾ ਸਰਹੰਦ ਦੀਆਂ ਅੰਤਿਮ ਰਸਮਾਂ ਸਿੱਖ ਮਰਯਾਦਾ ਅਨੁਸਾਰ ਨਹੀਂ ਕੀਤੀਆਂ ਜਾਣੀਆਂ ਚਾਹੀਦੀਆਂ ਕਿਉਂਕਿ ਇਹ ਸਿੱਖ ਨਹੀਂ ਬਲਕਿ ਦਰਿੰਦਾ ਸੀ। ਇਸ ਨੇ ਕਈ ਸ੍ਰੀ ਅਖੰਡ ਪਾਠ ਸਾਹਿਬ ਖੰਡਤ ਕੀਤੇ ਸਨ ਤੇ ਅਖੰਡ ਪਾਠ ਸਾਹਿਬ ਕਰਦੇ ਸਿੰਘਾਂ ਨੂੰ ਚੁੱਕ ਕੇ ਮੁਕਾਬਲਾ ਬਣਾ ਦਿੰਦਾ ਸੀ। ਇਸ ਨੇ ਹਿੰਦ ਹਕੂਮਤ ਦੇ ਆਖੇ ਲੱਗ ਕੇ ਸਿੱਖੀ ਅਤੇ ਸਿੱਖਾਂ ਦਾ ਘਾਣ ਕੀਤਾ। ਹੁਣ ਕੋਈ ਵੀ ਰਾਗੀ ਅਤੇ ਪਾਠੀ ਇਸ ਬੁੱਚੜ ਥਾਣੇਦਾਰ ਸੂਬਾ ਸਰਹੰਦ ਦੇ ਨਮਿੱਤ ਸ੍ਰੀ ਅਖੰਡ ਪਾਠ ਸਾਹਿਬ ਅਤੇ ਕੀਰਤਨ ਤੇ ਅਰਦਾਸ ਨਾ ਕਰੇ। ਫੈਡਰੇਸ਼ਨ ਆਗੂਆਂ ਨੇ ਕਿਹਾ ਕਿ ਜਿਵੇਂ ਬੁੱਚੜ ਅਫਸਰ ਸਵਰਨ ਘੋਟਣੇ ਦਾ ਜਲੰਧਰ ਵਿੱਚ ਭੋਗ ਸਮਾਗਮ ਰੋਕਿਆ ਸੀ, ਬੁੱਚੜ ਪੁਲਿਸ ਮੁਖੀ ਕੇਪੀਐਸ ਗਿੱਲ ਦੀਆਂ ਅੰਤਿਮ ਰਸਮਾਂ ਉੱਤੇ ਸਿੱਖਾਂ ਨੇ ਡੱਟ ਕੇ ਵਿਰੋਧ ਕੀਤਾ ਸੀ ਅਤੇ ਸ੍ਰੀ ਦਰਬਾਰ ਸਾਹਿਬ ਤੇ ਹਮਲਾ ਕਰਨ ਵਾਲੇ ਫੌਜੀ ਜਰਨੈਲ ਰਣਜੀਤ ਦਿਆਲ ਦੀ ਮੌਤ ਉੱਤੇ ਗੁਰਦੁਆਰਾ ਸਾਹਿਬ ਵਾਲਿਆਂ ਨੇ ਪਾਵਨ ਸਰੂਪ ਨਹੀਂ ਸੀ ਦਿੱਤਾ, ਇਸੇ ਤਰ੍ਹਾਂ ਬੁੱਚੜ ਥਾਣੇਦਾਰ ਸੂਬਾ ਸਰਹੰਦ ਦੀ ਮੌਤ ਉੱਤੇ ਵੀ ਖਾਲਸਾ ਪੰਥ ਨੂੰ ਆਪਣੀ ਜ਼ਿੰਮੇਵਾਰੀ ਨਿਭਾਉਣੀ ਚਾਹੀਦੀ ਹੈ। ਸ੍ਰੀ ਅਕਾਲ ਤਖਤ ਸਾਹਿਬ ਦੇ ਜਥੇਦਾਰ ਅਤੇ ਦਮਦਮੀ ਟਕਸਾਲ ਵੱਲੋਂ ਰਾਗੀਆਂ ਪਾਠੀਆਂ ਨੂੰ ਹਦਾਇਤ ਦੇਣੀ ਚਾਹੀਦੀ ਹੈ ਕਿ ਕੋਈ ਵੀ ਪਾਠੀ ਅਤੇ ਰਾਗੀ ਅਤੇ ਹੋਰ ਸਿੱਖ ਇਸ ਦੇ ਨਮਿੱਤ ਨਾ ਪਾਠ ਕਰਨ ਅਤੇ ਨਾ ਹੀ ਹੋਣ ਦੇਣ। ਫੈਡਰੇਸ਼ਨ ਆਗੂਆਂ ਨੇ ਇਹ ਵੀ ਕਿਹਾ ਕਿ ਜੇਕਰ ਸਿੱਖ ਮਰਿਆਦਾ ਅਨੁਸਾਰ ਸਰਕਾਰ ਇਸ ਦਾ ਭੋਗ ਪਵਾਉਂਦੀ ਹੈ ਤਾਂ ਜਥੇਬੰਦੀਆਂ ਅਤੇ ਸਿੱਖ ਸੰਗਤਾਂ ਮੌਕੇ ਉੱਤੇ ਪਹੁੰਚ ਕੇ ਡੱਟ ਕੇ ਵਿਰੋਧ ਕਰਨ।

ਆਵਾਜ਼ਿ ਕੌਮ AWAZE QAUM International Newspaper & WEB TV

**ਸੁਧੀਰ ਸੂਰੀ ਅਤੇ ਸੂਬਾ ਸਰਹੰਦ ਨੂੰ ਸੋਧਣ ਵਾਲੇ ਭਾਈ ਸੰਦੀਪ ਸਿੰਘ ਸੰਨੀ ਉੱਤੇ ਸਮੁੱਚੇ ਪੰਥ ਨੂੰ ਮਾਣ**

ਆਵਾਜ਼ਿ ਕੌਮ
Daily Newspaper from U.K.
Publisher/Chief Editor
**Raghbir Singh Walsal**
E-mail : awazeqaumtv@gmail.com
www.awazeqaumtv.com
for AWAZE QAUM Channel
https://youtu.be/LQwolgxDu7l
Contact :
+447458381111
+447976210161
+919729091243



ਭਾਈ ਰਘਵੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk

**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ




# ਸਾਂਝਾ ਪੰਜਾਬ

## VEG & NON-VEG INDIAN

WE CATER FOR ★★★★★






SANJHA PUNJAB

VEG & NON-VEG INDIAN

TAKE AWAY MENU

0116 291 1565

075 9999 5787

47 BELGRAVE ROAD
LEICESTER LE4 6AR

visit us : www.sanjhapunjab.co.uk
email: sanjha47@hotmail.com

SANJHA PUNJAB

VEG & NON-VEG INDIAN

0116 291 1565

visit us : www.sanjhapunjab.co.uk
email: sanjha47@hotmail.com

ALLERGY ADVICE !!

Please ask a member of staff if you have any food intolerance or allergies.

ਆਵਾਜ਼ਿ ਕੌਮ AWAZE QAUM
International Newspaper & WEB TV


Singh Sahib Giani Malkit Singh Ji
Head Granthi Sri Akaal Takhat Sahib
Contact No -IND +91 98552 03174
America -+1(856)-473-8596
29 - 31 August
Nanak Naam Jahaaj Gurdwara
1080 Westside Ave , Jersey City , NJ 07306
5&7 Septmber
Mata GUJRI Sikh Society
11 Ellison Dr,cherry Hill,NJ08003
11 September
Guru Nanak Sikh Heritage
29 wyekoff Mills Rd,Monroe ,NJ09931
12-14 September
Philadelphia Sikh Society
6706 Garden CT Rd, Millbourne, PA19082
21 September
Garden state Sikh Association
977 Washington Vally Rd ,Basking Ridge,NJ07920
26-28 September
Guru Nanak Mission Gurdwara
138 Bauer Dr, Oakland,NJ08436
For More Information
Contact-Bhai Karamjit Singh Ji Shant
(201)694-1007
ਆਵਾਜ਼ਿ ਕੌਮ
AWAZE QAUM
International Newspaper & WEB TV

ਘੜੀਐ ਸਬਦੁ ਸਚੀ ਟਕਸਾਲ ॥

ਵਾਹਿਗੁਰੂ ਜੀ ਕਾ ਖਾਲਸਾ। ਵਾਹਿਗੁਰੂ ਜੀ ਕੀ ਫਤਿਹ॥

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)



# ਮਹਾਨ ਗੁਰਮਿਤ ਸਮਾਗਮ

☛ ਜੋਤੀ ਜੋਤ ਧੰਨ ਧੰਨ ਸ਼੍ਰੀ ਗੁਰੂ ਨਾਨਕ ਦੇਵ ਸਾਹਿਬ ਜੀ ਨੂੰ ਸਮਰਪਿਤ ਗੁਰਮਤਿ ਸਮਾਗਮ ਕਰਵਾਏ ਜਾ ਰਹੇ ਹਨ। ☛ ਸਲਾਨਾ ਬਰਸੀ ਭਾਈ ਘਨਈਆ ਜੀ ਸ਼੍ਰੀ ਅਨੰਦਪੁਰ ਸਾਹਿਬ ਜੀ।



**ਸ਼ਨਿੱਚਰਵਾਰ 20 ਸਤੰਬਰ ਸ਼ਾਮ 5 ਤੋਂ 8 ਵਜੇ ਤੱਕ ਦੀਵਾਨ ਸੱਜਣਗੇ।**

ਐਤਵਾਰ 21 ਸਤੰਬਰ 2025 ਨੂੰ 6:30 ਵਜੇ ਸਵੇਰੇ ਚੌਪੈਹਿਰੇ ਸਾਹਿਬ ਦੇ ਪਾਠਾਂ ਦੀ ਆਰੰਭਤਾ ਹੋਵੇਗੀ ਸਮੇਤ ਸੁਖਮਨੀ ਸਾਹਿਬ ਦੇ 10:00 ਵਜੇ ਭੋਗ ਪੈਣਗੇ ਉਪਰੰਤ 12:30 ਵਜੇ ਤੱਕ ਦੀਵਾਨ ਸੱਜਣਗੇ।

ਕੀਰਤਨੀ ਜਥਾ ਰਾਂਗੀ ਭਾਈ ਗੁਰਵਿੰਦਰ ਸਿੰਘ ਰੈਸੋ ਵਾਲੇ ਕੀਰਤਨ ਰਾਹੀਂ ਗੁਰਬਾਣੀ ਗੁਰ ਇਤਿਹਾਸ ਸਿੱਖ ਇਤਿਹਾਸ ਨਾਲ ਸਿੱਖ ਸੰਗਤਾਂ ਨੂੰ ਜੋੜਨਾ ਕਰਨਗੇ।

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂੰਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ।

ਗੁਰੂ ਕਾ ਲੰਗਰ ਅਤੁੱਟ ਵਰਤੇਗਾ

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।

★ ਗੁਰੂ ਪੰਥ ਦੇ ਦਾਸਰੇ ★

**ਸਾਧ ਸੰਗਤ, ਪ੍ਰਬੰਧਕ ਕਮੇਟੀ**

**ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ**

ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-

ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778

ਭਾਈ ਬਲਰਾਮ ਸਿੰਘ +393885751594

ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

ਸ਼ੇਅਰ ਜ਼ਰੂਰ ਕਰੋ ਜੀ। ☛ ਸਿੱਖ ਸੰਗਤਾਂ ਦੇ ਚਰਨਾਂ 'ਚ ਬੇਨਤੀ ਹੈ ਕਿ ਹੁੰਮ-ਹੁੰਮਾ ਕੇ ਪੁੱਜਣ ਦੀ ਕ੍ਰਿਪਾਲਤਾ ਕਰਨੀ ਜੀ।

**Gurdwara Sahib Shaeed Baba Deep Singh ji Damdami Taksaal**

Via Giacomo Matteotti 3Cap
26020Casalmorano Cremona (IT)

E-mail : gur.damdamitaksaalitaly@gmail.com

Call+393475711755 / 3208124778

### ਵੈਨਕੂਵਰ ਭਾਰਤੀ ਐਂਬੈਸੀ ਦੇ ਮੂਹਰੇ ਟੀਮ ਨਿੱਝਰ ਵੱਲੋਂ ਕੀਤਾ ਗਿਆ

# 12 ਘੰਟੇ ਭਾਰਤੀ ਐਂਬੈਸੀ ਦਾ ਘਿਰਾਓ ਅਤੇ ਭਾਰੀ ਰੋਸ ਮੁਜ਼ਾਰਾ




**ਨਵੀਂ ਦਿੱਲੀ 19 ਸੰਤਬਰ (ਮਨਪ੍ਰੀਤ ਸਿੰਘ ਖਾਲਸਾ)**:-ਖਾਲਿਸਤਾਨ ਦੀ ਆਜ਼ਾਦੀ ਦੀ ਵਕਾਲਤ ਕਰਨ ਵਾਲੇ ਇੱਕ ਸਮੂਹ, ਸਿੱਖਸ ਫਾਰ ਜਸਟਿਸ, ਵਲੋਂ ਵੈਨਕੂਵਰ ਵਿੱਚ ਭਾਰਤੀ ਕੌਂਸਲੇਟ ਦੇ ਬਾਹਰ 12 ਘੰਟਿਆਂ ਦਾ ਭਾਰੀ ਵਿਰੋਧ ਪ੍ਰਦਰਸ਼ਨ ਕੀਤਾ ਗਿਆ। ਇਸ ਮੌਕੇ ਵਿਰੋਧ ਪ੍ਰਦਰਸ਼ਨ ਦੇ ਪ੍ਰਬੰਧਕਾਂ ਨੇ ਦਸਿਆ ਕਿ ਸਾਬਕਾ ਪ੍ਰਧਾਨ ਮੰਤਰੀ ਜਸਟਿਨ ਟਰੂਡੋ ਜਿਸਨੇ ਸੰਸਦ ਵਿਚ ਕਿਹਾ ਸੀ ਕਿ ਸਾਡੇ ਕੋਲ "ਭਰੋਸੇਯੋਗ ਖੁਫੀਆ ਜਾਣਕਾਰੀ" ਹੈ ਕਿ ਸਰੀ ਸਿੱਖ ਗੁਰਦੁਆਰੇ ਦੇ ਪ੍ਰਧਾਨ ਹਰਦੀਪ ਸਿੰਘ ਨਿੱਝਰ ਦੀ 2023 ਵਿੱਚ ਹੋਈ ਘਾਤਕ ਗੋਲੀਬਾਰੀ ਨਾਲ ਭਾਰਤੀ ਸਰਕਾਰੀ ਏਜੰਟ ਜੁੜੇ ਹੋਏ ਹਨ, ਦੀ ਦੋ ਸਾਲਾ ਬਰਸੀ 'ਤੇ ਇਹ ਵਿਰੋਧ ਪ੍ਰਦਰਸ਼ਨ ਵੱਡੇ ਪੱਧਰ ਤੇ ਕਰਣ ਲਈ ਉਲੀਕਿਆ ਗਿਆ ਸੀ । ਇਸ ਮੌਕੇ ਸਿੱਖਸ ਫਾਰ ਜਸਟਿਸ ਦੇ ਜਨਰਲ ਕੌਂਸਲ ਗੁਰਪਤਵੰਤ ਸਿੰਘ ਪੰਨੂ ਨੇ ਕਿਹਾ ਵੈਨਕੂਵਰ ਵਿੱਚ ਇੰਡੀਅਨ ਟੈਰਰ ਹਾਊਸ ਦੀ ਘੇਰਾਬੰਦੀ ਸਿਰਫ਼ ਇਕ ਕਤਲੇਆਮ ਦੇ ਯਾਦ ਬਾਰੇ ਨਹੀਂ ਹੈ, ਇਹ ਸਾਡੇ ਤੇ ਕੀਤੀ ਜਾ ਰਹੀ ਨਜ਼ਰਸ਼ਾਨੀ ਦੇ ਵਿਰੋਧ ਬਾਰੇ ਵੀਂ ਹੈ। ਇਸ ਮੌਕੇ ਸਮੂਹ ਨੇ ਪ੍ਰਧਾਨ ਮੰਤਰੀ ਮਾਰਕ ਕਾਰਨੀ ਨੂੰ ਇੱਕ ਪੱਤਰ ਵੀ ਭੇਜਿਆ ਜਿਸ ਵਿੱਚ ਆਪਣੀਆਂ ਚਿੰਤਾਵਾਂ ਜ਼ਾਹਰ ਕੀਤੀਆਂ ਗਈਆਂ ਅਤੇ ਪੁੱਛਿਆ ਗਿਆ ਕਿ ਸਰਕਾਰ ਖਾਲਿਸਤਾਨ ਪੱਖੀ ਕੈਨੇਡੀਅਨਾਂ ਦੀ ਸੁਰੱਖਿਆ ਕਿਵੇਂ ਕਰੇਗੀ, ਜਿਨ੍ਹਾਂ ਨੂੰ ਕਥਿਤ ਤੌਰ 'ਤੇ ਖਾਲਿਸਤਾਨ ਰਾਏਸ਼ੁਮਾਰੀ ਦੀ ਵਕਾਲਤ ਕਰਦੇ ਸਮੇਂ ਧਮਕੀਆਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਇਸ ਮੌਕੇ ਗੁਰਦੁਆਰਾ ਸਾਹਿਬ ਦੇ ਸਕੱਤਰ ਭਾਈ ਗੁਰਮੀਤ ਸਿੰਘ ਤੂਰ, ਮੈਂਬਰ ਨਰਿੰਦਰ ਸਿੰਘ ਰੰਧਾਵਾ ਨੇ ਦਸਿਆ ਕਿ ਕੌਮ ਦੇ ਸ਼ਹੀਦ ਅਤੇ ਗੁਰੂ ਨਾਨਕ ਸਿੱਖ ਗੁਰਦੁਆਰਾ ਸਾਹਿਬ ਦੇ ਸਾਬਕਾ ਮੁੱਖ ਸੇਵਾਦਾਰ ਭਾਈ ਹਰਦੀਪ ਸਿੰਘ ਨਿੱਝਰ, ਜਿਨ੍ਹਾਂ ਨੂੰ ਗੁਰੂ ਘਰ ਦੀ ਹਦੂਦ ਅੰਦਰ ਗੋਲੀਆਂ ਮਾਰਕੇ ਸ਼ਹੀਦ ਕੀਤਾ ਗਿਆ ਸੀ ਉਨ੍ਹਾਂ ਦੇ ਸ਼ਹੀਦੀ ਵਾਲੇ ਦਿਨ ਹਰ ਮਹੀਨੇ ਦੀ ਤਰ੍ਹਾਂ ਭਾਰਤੀ ਐਂਬੈਸੀ ਅੱਗੇ ਰੋਸ-ਪ੍ਰਦਰਸ਼ਨ ਕੀਤਾ ਜਾਂਦਾ ਹੈ ਤੇ ਇਸ ਵਾਰ ਟਰੂਡੋ ਵਲੋਂ ਸੰਸਦ ਅੰਦਰ ਦਿੱਤੇ ਗਏ ਬਿਆਨ ਦੀ ਦੂਜੀ ਬਰਸੀ ਹੋਣ ਤੇ ਕਾਤਲਾਂ ਬਾਰੇ ਖੁਲਾਸਾ ਨਾ ਕਰਣ ਕਰਕੇ ਭਾਰਤੀ ਐਂਬੇਸੀ ਦੀ ਪੂਰੇ ਦਿਨ ਦੀ ਘੇਰਾਬੰਦੀ ਕਰਣ ਦੀ ਕਾਲ ਦਿੱਤੀ ਗਈ ਸੀ ਜਿਸ ਵਿਚ ਵਡੀ ਗਿਣਤੀ ਅੰਦਰ ਸੰਗਤਾਂ ਨੇ ਪਹੁੰਚ ਕਰਕੇ ਐਂਬੇਸੀ ਨੂੰ ਘੇਰਾ ਪਾਈ ਰੱਖਿਆ ਅਤੇ ਸਾਰਾ ਦਿਨ ਖਾਲਸਾਈ ਨਾਅਰੇ ਨਾਲ ਗੁੰਜਾ ਪੈਂਦੀ ਰਹੀਆਂ ਸਨ । ਸੰਗਤ ਨੂੰ ਸੰਬੋਧਨ ਕਰਦਿਆਂ ਸਕੱਤਰ ਭਾਈ ਭਾਈ ਗੁਰਮੀਤ ਸਿੰਘ ਤੂਰ ਨੇ ਕਿਹਾ ਕਿ ਕੈਨੇਡਾ ਅੰਦਰ ਭਾਰਤੀ ਐਂਬੈਸੀ ਬੰਦ ਹੋਣੀ ਚਾਹੀਦੀ ਹੈ ਅਤੇ ਭਾਰਤੀ ਕੌਂਸਲੇਟ ਤੇ ਸਰਕਾਰੀ ਕਾਰਵਾਈ ਹੋਣੀ ਚਾਹੀਦੀ ਹੈ ।ਉਨ੍ਹਾਂ ਦਸਿਆ ਕਿ ਓਸ ਸਮੇਂ ਦੇ ਤਤਕਾਲੀਨ ਭਾਰਤੀ ਹਾਈ ਕਮਿਸ਼ਨਰ ਸੰਜੇ ਵਰਮਾ ਅਤੇ ਕੌਂਸਲੇਟ ਮਨੀਸ਼ ਕੁਮਾਰ ਕੈਨੇਡਾ ਛੱਡ ਕੇ ਭੱਜ ਗਏ ਹਨ ਉਹਨਾਂ ਤੇ ਕਾਰਵਾਈ ਕਰਨ ਅਤੇ ਸਜ਼ਾ ਦੇਣ ਦੀ ਵੀ ਮੰਗ ਜੋਰਾ ਨਾਲ ਉਠਾਈ ਗਈ ਸੀ । ਉਨ੍ਹਾਂ ਕਿਹਾ ਕਿ ਦਿਨੇਸ਼ ਪਟਨਾਇਕ ਕੈਨੇਡਾ ਵਿੱਚ ਭਾਰਤ ਦੀ ਅਗਵਾਈ ਦਾ ਨਵਾਂ ਚਿਹਰਾ ਹੈ ਜਿਸਨੂੰ ਭਾਰਤ ਸਰਕਾਰ ਵੱਲੋਂ ਓਟਵਾ ਵਿੱਚ ਹਾਈ ਕਮਿਸ਼ਨਰ ਦੇ ਰੂਪ ਵਿੱਚ ਲਗਾਇਆ ਜਾ ਰਿਹਾ ਹੈ ਅਤੇ ਸਿੱਖ ਜਥੇਬੰਦੀਆਂ ਵੱਲੋਂ ਇਸਦਾ ਭਾਰੀ ਵਿਰੋਧ ਕੀਤਾ ਜਾ ਰਿਹਾ ਹੈ। ਰੋਸ ਪ੍ਰਦਰਸ਼ਨ ਦੌਰਾਨ ਜਿੱਥੇ ਖਾਲਸਾਈ ਨਾਹਰੇ ਗੂੰਜਦੇ ਰਹੇ ਸਨ ਓਥੇ ਭਾਰਤੀ ਤਿਰੰਗਾ ਵੀ ਸਾੜਿਆ ਗਿਆ ਸੀ । ਇਸ ਪ੍ਰਦਰਸ਼ਨ ਵਿਚ ਗੁਰੂ ਨਾਨਕ ਸਿੱਖ ਗੁਰਦੁਆਰਾ ਸਾਹਿਬ ਦੇ ਪ੍ਰਬੰਧਕ ਭਾਈ ਗੁਰਮੀਤ ਸਿੰਘ ਤੂਰ, ਭਾਈ ਨਰਿੰਦਰ ਸਿੰਘ ਰੰਧਾਵਾ, ਭਾਈ ਅਵਤਾਰ ਸਿੰਘ ਖਹਿਰਾ, ਭਾਈ ਮਨਜਿੰਦਰ ਸਿੰਘ, ਰਜਿੰਦਰ ਸਿੰਘ ਨੱਤ, ਰਣਜੀਤ ਸਿੰਘ ਸਹੋਤਾ, ਭਾਈ ਚਰਨਜੀਤ ਸਿੰਘ ਅਤੇ ਜੈਗ ਸਿੰਘ ਬਾਬਾ ਬੰਦਾ ਸਿੰਘ ਬਹਾਦਰ ਤੋਂ ਰਣਜੀਤ ਸਿੰਘ ਖਾਲਸਾ ਨੇ ਉਚੇਚੇ ਤੌਰ ਤੇ ਹਾਜ਼ਿਰੀ ਭਰ ਕੇ ਪ੍ਰਦਰਸ਼ਨ ਕਰ ਰਹੀ ਸੰਗਤਾਂ ਦਾ ਉਤਸ਼ਾਹ ਵਧਾਇਆ ਸੀ । ਇਸ ਮੌਕੇ ਉਨ੍ਹਾਂ ਕਿਹਾ ਕਿ ਰੈਫਰੈਂਡਮ ਦੀਆਂ ਵੋਟਾਂ ਦਾ ਅਗਲਾ ਪੜਾਅ 23 ਨਵੰਬਰ 2025 ਔਟਵਾ ਕੈਨੇਡਾ ਵਿੱਚ ਹੋਵੇਗਾ ਜਿਸ ਲਈ ਕਾਰਕੁਨ੍ਹਾਂ ਨੂੰ ਹੁਣ ਤੋਂ ਹੀ ਇਸ ਨੂੰ ਸਫਲ ਬਣਾਉਣ ਲਈ ਕਮਰਕੱਸੇ ਕਰਣ ਦੀ ਲੋੜ ਹੈ ।

ਆਵਾਜ਼ਿ ਕੌਮ AWAZE QAUM International Newspaper & WEB TV

### ਗੁਰੂ ਸਾਹਿਬ ਦਾ ਪਵਿੱਤਰ 'ਜੋੜਾ ਸਾਹਿਬ' ਸਿੱਖੀ ਦੀ ਧਰੋਹਰ

# ਸੇਵਾ-ਸੰਭਾਲ ਸਿੱਖ ਸੰਸਥਾਵਾਂ ਨੂੰ ਸੌਂਪੀ ਜਾਵੇ : ਪ੍ਰੋ. ਸਰਚਾਂਦ ਸਿੰਘ ਖਿਆਲਾ



**ਅੰਮ੍ਰਿਤਸਰ, 19 ਸਤੰਬਰ (ਆਵਾਜ਼ਿ ਕੌਮ ਬਿਊਰੋ)** - ਭਾਜਪਾ ਪੰਜਾਬ ਦੇ ਬੁਲਾਰੇ ਅਤੇ ਸਿੱਖ ਚਿੰਤਕ ਪ੍ਰੋ. ਸਰਚਾਂਦ ਸਿੰਘ ਖਿਆਲਾ ਨੇ ਕਿਹਾ ਕਿ ਕੇਂਦਰੀ ਮੰਤਰੀ ਸ. ਹਰਦੀਪ ਸਿੰਘ ਪੁਰੀ ਦੇ ਪਰਿਵਾਰਿਕ ਦਾਅਵੇ ਮੁਤਾਬਕ ਉਨ੍ਹਾਂ ਦੇ ਇਕ ਪੂਰਵਜ ਵੱਲੋਂ ਗੁਰੂ ਗੋਬਿੰਦ ਸਿੰਘ ਜੀ ਦੀ ਸੇਵਾ ਕਰਨ ਕਰਕੇ ਗੁਰੂ ਸਾਹਿਬ ਨੇ ਪ੍ਰਸੰਨ ਹੋ ਕੇ 'ਜੋੜੇ ਸਾਹਿਬ' ਦੀ ਬਖ਼ਿਸ਼ਸ਼ ਕੀਤੀ ਸੀ। ਇਹ ਨਿਸ਼ਾਨੀਆਂ ਪੁਰੀ ਪਰਿਵਾਰ ਨੇ ਤਿੰਨ ਸੌ ਸਾਲ ਤੋਂ ਵੱਧ ਸਮੇਂ ਤੱਕ ਸ਼ਰਧਾ ਭਾਵਨਾ ਨਾਲ ਸੰਭਾਲੀਆਂ ਹਨ। ਹੁਣ ਪਰਿਵਾਰ ਦੇ ਸੀਨੀਅਰ ਮੈਂਬਰ ਵੱਲੋਂ ਇਨ੍ਹਾਂ ਨੂੰ ਸੰਗਤ ਦੇ ਦਰਸ਼ਨਾਂ ਲਈ ਉਪਲਬਧ ਕਰਾਉਣ ਦੀ ਇੱਛਾ ਦੇ ਮੱਦੇਨਜ਼ਰ ਸ. ਹਰਦੀਪ ਸਿੰਘ ਪੁਰੀ ਵੱਲੋਂ ਇਹ ਮਾਮਲਾ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਕੋਲ ਰੱਖਿਆ ਗਿਆ ਹੈ।

ਪ੍ਰੋ. ਖਿਆਲਾ ਨੇ ਕਿਹਾ ਕਿ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਮਹਾਰਾਜ ਅਤੇ ਮਾਤਾ ਸਾਹਿਬ ਕੌਰ ਜੀ ਨਾਲ ਸੰਬੰਧਿਤ ਇਹ ਅਨਮੋਲ ਨਿਸ਼ਾਨੀਆਂ ਪਵਿੱਤਰ ਧਾਰਮਿਕ ਧਰੋਹਰ ਹਨ। ਸ. ਪੁਰੀ ਨਾਲ ਸਿੱਖ ਆਗੂਆਂ ਦੀ ਕਮੇਟੀ ਵੱਲੋਂ 'ਜੋੜਿਆਂ' ਦੀ ਸੰਭਾਲ ਅਤੇ ਪ੍ਰਦਰਸ਼ਨ ਲਈ ਦਿੱਤੀਆਂ ਸਿਫ਼ਾਰਸ਼ਾਂ ਨੂੰ ਪ੍ਰਧਾਨ ਮੰਤਰੀ ਕੋਲ ਪਹੁੰਚਾਉਣਾ ਯਕੀਨਨ ਸਲਾਹੁਣਯੋਗ ਕਦਮ ਹੈ। ਪਰ ਇੱਕ ਸਿੱਖ ਹੋਣ ਦੇ ਨਾਤੇ ਮੈਂ ਸਮਝਦਾ ਹਾਂ ਕਿ ਗੁਰੂ ਸਾਹਿਬ ਦੀਆਂ ਅਨਮੋਲ ਨਿਸ਼ਾਨੀਆਂ ਨੂੰ ਕਿਸੇ ਸਰਕਾਰੀ ਮਿਊਜ਼ੀਅਮ ਜਾਂ ਪ੍ਰਦਰਸ਼ਨੀ ਤੱਕ ਸੀਮਿਤ ਕਰਕੇ ਪ੍ਰਦਰਸ਼ਨੀ ਵਸਤੂ ਨਹੀਂ ਬਣਾਇਆ ਜਾਣਾ ਚਾਹੀਦਾ। ਇਹ ਸਿੱਖਾਂ ਲਈ ਧਾਰਮਿਕ ਅਤੇ ਭਾਵਨਾਤਮਕ ਮਾਮਲਾ ਹੈ, ਇਨ੍ਹਾਂ ਦੀ ਸੇਵਾ-ਸੰਭਾਲ ਸਿਰਫ਼ ਉਹੀ ਸੰਸਥਾਵਾਂ ਕਰ ਸਕਦੀਆਂ ਹਨ ਜੋ ਗੁਰੂ ਘਰ ਦੀ ਪਰੰਪਰਾ ਅਤੇ ਸਿੱਖ ਰਹਿਤ ਮਰਿਆਦਾ ਅਨੁਸਾਰ ਚਲਦੀਆਂ ਹਨ। ਇਸ ਲਈ ਇਹ ਪਵਿੱਤਰ ਧਰੋਹਰ ਸਿੱਖ ਕੌਮੀ ਸੰਸਥਾਵਾਂ ਦੇ ਹਵਾਲੇ ਹੀ ਹੋਣੀ ਚਾਹੀਦੀ ਹੈ।

ਉਨ੍ਹਾਂ ਨੇ ਸਪਸ਼ਟ ਕੀਤਾ ਕਿ ਜੇ ਪੁਰੀ ਪਰਿਵਾਰ ਹੁਣ ਮਰਿਆਦਾ ਅਨੁਸਾਰ ਸੇਵਾ-ਸੰਭਾਲ ਕਰਨ ਵਿੱਚ ਅਸਮਰਥ ਹੈ, ਤਾਂ ਇਹ ਅਮੋਲਕ ਸੇਵਾ ਤੁਰੰਤ ਸਿੱਖ ਕੌਮ ਨੂੰ ਸੌਂਪੀ ਜਾਵੇ। ਇਸ ਲਈ ਉਨ੍ਹਾਂ ਨੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੂੰ ਅਪੀਲ ਕੀਤੀ ਕਿ 'ਜੋੜਾ ਸਾਹਿਬ' ਦੀ ਸੇਵਾ-ਸੰਭਾਲ ਅਤੇ ਪ੍ਰਦਰਸ਼ਨ ਦੀ ਜ਼ਿੰਮੇਵਾਰੀ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਦਿੱਲੀ ਗੁਰਦੁਆਰਾ ਪ੍ਰਬੰਧਕ ਕਮੇਟੀ ਜਾਂ ਤਖ਼ਤ ਸ੍ਰੀ ਪਟਨਾ ਸਾਹਿਬ ਕਮੇਟੀ ਵਿੱਚੋਂ ਕਿਸੇ ਇੱਕ ਨੂੰ ਦਿੱਤੀ ਜਾਵੇ। ਇਸ ਮਾਮਲੇ ਵਿਚ ਸਰਕਾਰ ਨੂੰ ਦੇਰੀ ਨਾ ਕਰਦਿਆਂ ਫ਼ੌਰੀ ਫ਼ੈਸਲਾ ਕਰਨਾ ਚਾਹੀਦਾ ਹੈ।

ਇਸੇ ਦੌਰਾਨ, ਪ੍ਰੋ. ਸਰਚਾਂਦ ਸਿੰਘ ਖਿਆਲਾ ਨੇ ਸੁਪਰੀਮ ਕੋਰਟ ਵੱਲੋਂ ਆਨੰਦ ਮੈਰਿਜ ਐਕਟ ਅਧੀਨ ਵਿਆਹਾਂ ਦੀ ਰਜਿਸਟ੍ਰੇਸ਼ਨ ਲਈ ਸਾਰੇ ਰਾਜਾਂ ਅਤੇ ਕੇਂਦਰ ਸ਼ਾਸਿਤ ਪ੍ਰਦੇਸ਼ਾਂ ਨੂੰ ਚਾਰ ਮਹੀਨਿਆਂ ਅੰਦਰ ਨਿਯਮ ਨੋਟੀਫਾਈ ਕਰਨ ਦੇ ਇਤਿਹਾਸਕ ਫ਼ੈਸਲੇ ਦਾ ਸਵਾਗਤ ਕੀਤਾ ਹੈ। ਉਨ੍ਹਾਂ ਕਿਹਾ ਕਿ ਇਹ ਫ਼ੈਸਲਾ ਸਿੱਖ ਕੌਮ ਦੇ ਧਾਰਮਿਕ ਰਸਮ-ਰਿਵਾਜ ਨੂੰ ਕਾਨੂੰਨੀ ਤੇ ਸੰਵਿਧਾਨਕ ਮਾਨਤਾ ਦੇਂਦਾ ਹੈ ਅਤੇ ਸਿੱਖ ਪਛਾਣ ਨੂੰ ਹੋਰ ਮਜ਼ਬੂਤ ਕਰਦਾ ਹੈ।

### ਆਨੰਦ ਮੈਰਿਜ ਐਕਟ ਬਾਰੇ ਸੁਪਰੀਮ ਕੋਰਟ ਦੇ ਫ਼ੈਸਲੇ ਨਾਲ ਪੰਜਾਬ ਸਰਕਾਰ ਦੀ ਗੈਰ-ਸੰਜੀਦਗੀ ਬੇਨਕਾਬ ਹੋਈ

ਪ੍ਰੋ. ਖਿਆਲਾ ਨੇ ਕਿਹਾ ਕਿ ਇਹ ਬਹੁਤ ਦੁੱਖ ਦੀ ਗੱਲ ਹੈ ਕਿ ਸਿੱਖਾਂ ਦੀ ਸਭ ਤੋਂ ਵੱਧ ਅਬਾਦੀ ਵਾਲੇ ਅਤੇ ਸਿੱਖ ਧਰਮ ਦੇ ਕੇਂਦਰ ਪੰਜਾਬ ਨੇ ਅਜੇ ਤੱਕ ਆਨੰਦ ਮੈਰਿਜ ਐਕਟ ਅਧੀਨ ਨਿਯਮ ਨੋਟੀਫਾਈ ਨਹੀਂ ਕੀਤਾ ਹੈ। ਜਿੱਥੇ ਦਿੱਲੀ, ਹਰਿਆਣਾ, ਬਿਹਾਰ, ਝਾਰਖੰਡ, ਮਹਾਰਾਸ਼ਟਰ, ਉੱਤਰਾਖੰਡ, ਚੰਡੀਗੜ੍ਹ, ਹਿਮਾਚਲ ਪ੍ਰਦੇਸ਼, ਕਰਨਾਟਕ, ਪੱਛਮੀ ਬੰਗਾਲ, ਤਾਮਿਲਨਾਡੂ ਸਮੇਤ ਕਈ ਰਾਜ ਇਹ ਨਿਯਮ ਲਾਗੂ ਕਰ ਚੁੱਕੇ ਹਨ, ਉੱਥੇ ਪੰਜਾਬ ਦੀ 'ਆਪ' ਸਰਕਾਰ ਦੀ ਲਾਪਰਵਾਹੀ ਨਾ ਸਿਰਫ਼ ਸਿੱਖ ਅਧਿਕਾਰਾਂ ਨਾਲ ਬੇਇਨਸਾਫ਼ੀ ਹੈ ਬਲਕਿ ਉਨ੍ਹਾਂ ਦੀ ਸੰਵੇਦਨਹੀਨਤਾ ਨੂੰ ਵੀ ਬੇਨਕਾਬ ਕਰਦੀ ਹੈ।

ਉਨ੍ਹਾਂ ਨੇ ਪ੍ਰਸ਼ਨ ਕੀਤਾ ਕਿ ਆਖ਼ਿਰ ਪੰਜਾਬ, ਜੋ ਸਿੱਖਾਂ ਦਾ ਮੂਲ ਘਰ ਹੈ, ਉੱਥੇ ਸਿੱਖ ਵਿਆਹਾਂ ਦੀ ਰਜਿਸਟ੍ਰੇਸ਼ਨ ਲਈ ਨਿਯਮ ਕਿਉਂ ਨਹੀਂ ਬਣਾਏ ਗਏ ? ਕੀ ਇਹ ਸਿੱਖ ਪਛਾਣ ਅਤੇ ਭਾਵਨਾਵਾਂ ਨਾਲ ਖਿਲਵਾੜ ਨਹੀਂ ? ਪ੍ਰੋ. ਖਿਆਲਾ ਨੇ ਪੰਜਾਬ ਸਰਕਾਰ ਨੂੰ ਤੁਰੰਤ ਆਨੰਦ ਮੈਰਿਜ ਐਕਟ ਅਧੀਨ ਨਿਯਮ ਨੋਟੀਫਾਈ ਕਰਨ ਦੀ ਅਪੀਲ ਕਰਦਿਆਂ ਕਿਹਾ ਕਿ ਸਿੱਖਾਂ ਦੇ ਵਿਆਹਾਂ ਨੂੰ ਕਾਨੂੰਨੀ ਪ੍ਰਮਾਣਿਕਤਾ ਮਿਲਣਾ ਉਨ੍ਹਾਂ ਦੇ ਸੰਵਿਧਾਨਕ ਅਧਿਕਾਰਾਂ ਦੀ ਰੱਖਿਆ ਲਈ ਜ਼ਰੂਰੀ ਹੈ। ਉਨ੍ਹਾਂ ਕਿਹਾ ਕਿ ਸੁਪਰੀਮ ਕੋਰਟ ਦਾ ਇਹ ਫ਼ੈਸਲਾ ਸਿੱਖ ਕੌਮ ਲਈ ਜਿੱਤ ਦਾ ਸੰਦੇਸ਼ ਹੈ ਅਤੇ ਹੁਣ ਇਹ ਪੰਜਾਬ ਸਰਕਾਰ ਦੀ ਅਸਲੀ ਪਰੀਖਿਆ ਹੈ ਕਿ ਉਹ ਸਿੱਖਾਂ ਦੇ ਹੱਕਾਂ ਨਾਲ ਨਿਭਾਉਂਦੀ ਹੈ ਜਾਂ ਫਿਰ ਸਿੱਖ ਭਾਵਨਾਵਾਂ ਨੂੰ ਦੁਖਾਉਂਦੀ ਰਹੇਗੀ।

ਆਵਾਜ਼ਿ ਕੌਮ AWAZE QAUM International Newspaper & WEB TV

# ਦਿੱਲੀ ਗੁਰਦੁਆਰਾ ਕਮੇਟੀ ਨੇ ਪਰਸ਼ੂਰਾਮ ਚੌਕ ਮਿੱਠਾਪੁਰ ਬਦਰਪੁਰ ਵਿਖੇ ਖੋਲ੍ਹਿਆ ਪੀ ਐਮ ਸਕਿੱਲ ਸੈਂਟਰ



ਨਵੀਂ ਦਿੱਲੀ, 19 ਸਤੰਬਰ (ਮਨਪ੍ਰੀਤ ਸਿੰਘ ਖਾਲਸਾ): ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਪਰਸ਼ੂਰਾਮ ਚੌਂਕ ਮਿੱਠਾਪੁਰ ਬਦਰਪੁਰ ਵਿਖੇ ਪੀ ਐਮ ਸਕਿੱਲ ਸੈਂਟਰ ਖੋਲ੍ਹਿਆ ਗਿਆ ਜਿਸਦਾ ਉਦਘਾਟਨ ਕਮੇਟੀ ਦੇ ਪ੍ਰਧਾਨ ਸਰਦਾਰ ਹਰਮੀਤ ਸਿੰਘ ਕਾਲਕਾ ਤੇ ਜਨਰਲ ਸਕੱਤਰ ਸਰਦਾਰ ਜਗਦੀਪ ਸਿੰਘ ਕਾਹਲੋਂ ਨੇ ਕੀਤਾ। ਇਸ ਮੌਕੇ ਹਾਜ਼ਰ ਸੰਗਤਾਂ ਨੂੰ ਸੰਬੋਧਨ ਕਰਦਿਆਂ ਸਰਦਾਰ ਹਰਮੀਤ ਸਿੰਘ ਕਾਲਕਾ ਤੇ ਸਰਦਾਰ ਜਗਦੀਪ ਸਿੰਘ ਕਾਹਲੋਂ ਨੇ ਕਿਹਾ ਕਿ ਕੇਂਦਰ ਸਰਕਾਰ ਨੇ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਨਾਲ ਰਲ ਕੇ 100 ਕਰੋੜ ਰੁਪਏ ਦੀ ਲਾਗਤ ਨਾਲ ਅਜਿਹੇ ਸਕਿੱਲ ਸੈਂਟਰ ਖੋਲ੍ਹਣ ਦਾ ਫੈਸਲਾ ਕੀਤਾ ਹੈ ਜਿਸ ਤਹਿਤ ਅਜਿਹੇ ਸੈਂਟਰ ਖੋਲ੍ਹੇ ਜਾ ਰਹੇ ਹਨ। ਉਹਨਾਂ ਦੱਸਿਆ ਕਿ ਇਹਨਾਂ ਸੈਂਟਰਾਂ ਵਿਚ ਜਿਥੇ ਸਿੱਖ ਨੌਜਵਾਨ ਕੁੜੀਆਂ ਅਤੇ ਮੁੰਡਿਆਂ ਨੂੰ ਹੁਨਰ ਸਿੱਖਲਾਈ ਦਿੱਤੀ ਜਾ ਰਹੀ ਹੈ, ਉਥੇ ਹੀ 2000 ਰੁਪਏ ਪ੍ਰਤੀ ਮਹੀਨਾ ਦੀ ਸਹਾਇਤਾ ਰਾਸ਼ੀ ਵੀ ਪ੍ਰਦਾਨ ਕੀਤੀ ਜਾ ਰਹੀ ਹੈ। ਸਰਦਾਰ ਕਾਲਕਾ ਤੇ ਸਰਦਾਰ ਕਾਹਲੋਂ ਨੇ ਦੱਸਿਆਕਿ ਇਹਨਾਂ ਕੇਂਦਰਾਂ 26 ਤੋਂ 27 ਤਰੀਕੇ ਦੇ ਵੱਖ-ਵੱਖ ਕੋਰਸ ਕਰਵਾਏ ਜਾ ਰਹੇ ਹਨ ਜੋ ਪੂਰਨ ਤੌਰ 'ਤੇ ਤਕਨੀਕ 'ਤੇ ਆਧਾਰਿਤ ਹਨ ਅਤੇ ਇਹਨਾਂ ਹੁਨਰ ਸਿੱਖਲਾਈ ਪ੍ਰੋਗਰਾਮਾਂ ਦਾ ਨੌਜਵਾਨਾਂ ਨੂੰ ਬਹੁਤ ਵੱਡਾ ਲਾਭ ਮਿਲ ਰਿਹਾ ਹੈ। ਉਹਨਾਂ ਕਿਹਾ ਕਿ ਇਹਨਾਂ ਪ੍ਰੋਗਰਾਮਾਂ ਤਹਿਤ ਸਿੱਖਲਾਈ ਪ੍ਰਾਪਤ ਕਰਨ ਤੋਂ ਬਾਅਦ ਜਿਥੇ ਨੌਜਵਾਨ ਸਵੈ ਰੋਜ਼ਗਾਰ ਦੇ ਯੋਗ ਹੋਣਗੇ, ਉਥੇ ਹੀ ਵੱਖ-ਵੱਖ ਨੌਕਰੀਆਂ ਲਈ ਵੀ ਅਪਲਾਈ ਕਰ ਸਕਣਗੇ। ਸਰਦਾਰ ਕਾਲਕਾ ਤੇ ਸਰਦਾਰ ਕਾਹਲੋਂ ਨੇ ਕੋਰਸਾਂ ਵਿਚ ਭਾਗ ਲੈਣ ਵਾਲੇ ਸਮੁੱਚੇ ਲਾਭਪਾਤਰੀਆਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਉਹ ਆਸ ਕਰਦੇ ਹਨ ਇਹ ਲੋਕ ਪ੍ਰਧਾਨ ਮੰਤਰੀ ਸਕਿੱਲ ਸੈਂਟਰ ਤਹਿਤ ਇਥੋਂ ਸਿੱਖਲਾਈ ਲੈ ਕੇ ਦੇਸ਼ ਤੇ ਦੁਨੀਆਂ ਵਿਚ ਵਸਦੇ ਨੌਜਵਾਨਾਂ ਵਾਸਤੇ ਚਾਨਣ ਮੁਨਾਰਾ ਬਣਨਗੇ। ਉਹਨਾਂ ਕਿਹਾ ਕਿ ਦਿੱਲੀ ਗੁਰਦੁਆਰਾ ਕਮੇਟੀ ਹਮੇਸ਼ਾ ਹੀ ਭਾਰਤ ਸਰਕਾਰ ਦੀ ਧੰਨਵਾਦੀ ਹੈ ਜਿਸਨੇ ਸਿੱਖ ਨੌਜਵਾਨਾਂ ਦੀ ਬਾਂਹ ਫੜਨ ਵਾਸਤੇ ਇਹ ਪਹਿਲਕਦਮੀ ਕੀਤੀ ਅਤੇ ਭਰੋਸਾ ਦੁਆਉਂਦੀ ਹੈ ਕਿ ਸਿੱਖ ਭਾਈਚਾਰੇ ਦੀ ਬੇਹਤਰੀ ਵਾਸਤੇ ਉਹ ਹਮੇਸ਼ਾ ਮੋਹਰੀ ਹੋ ਕੇ ਕੰਮ ਕਰੇਗੀ।

# ਦੇਸ਼ ਅੰਦਰ ਲਾਗੂ ਹੋਣ ਵਾਲਾ ਆਨੰਦ ਮੈਰਿਜ ਐਕਟ ਸਿੱਖ ਰਹਿਤ ਮਰਿਆਦਾ ਦੀ ਤਰਜਮਾਨੀ ਕਰਦਾ ਹੋਏ, ਕਮੇਟੀ ਬਣਾਏ ਜਾਣ ਦੀ ਮੰਗ: ਪਰਮਜੀਤ ਸਿੰਘ ਵੀਰਜੀ

## ਐਕਟ ਲਾਗੂ ਹੋਣ ਤੋਂ ਬਾਅਦ ਪੰਥ ਵਿਚ ਕੋਈ ਦੁਬਿਧਾ ਨਾ ਖੜੀ ਹੋ ਸਕੇ, ਸਿੱਖ ਪੰਥ ਨੂੰ ਭਰੋਸੇ ਵਿਚ ਲਿਆ ਜਾਣਾ ਬਹੁਤ ਜ਼ਰੂਰੀ



ਨਵੀਂ ਦਿੱਲੀ 19 ਸੰਤਬਰ (ਮਨਪ੍ਰੀਤ ਸਿੰਘ ਖਾਲਸਾ):- ਸੁਪਰੀਮ ਕੋਰਟ ਵਲੋਂ ਦੇਸ਼ ਦੇ ਸਮੂਹ ਰਾਜਾਂ ਨੂੰ ਚਾਰ ਮਹੀਨਿਆਂ ਅੰਦਰ ਆਨੰਦ ਮੈਰਿਜ ਐਕਟ ਲਾਗੂ ਕਰਣ ਦੇ ਫੈਸਲੇ ਉਪਰ ਖੁਸ਼ੀ ਜਤਾਦਿਆਂ ਗੁਰੂਬਾਣੀ ਰਿਸਰਚ ਫਾਉਂਡੇਸ਼ਨ ਦੇ ਮੁੱਖੀ, ਦਿੱਲੀ ਗੁਰਦੁਆਰਾ ਕਮੇਟੀ ਦੀ ਧਰਮ ਪ੍ਰਚਾਰ ਵਿੰਗ ਦੇ ਸਾਬਕਾ ਕੋ ਚੇਅਰਮੈਨ ਅਤੇ ਸ਼੍ਰੋਮਣੀ ਅਕਾਲੀ ਦਲ ਦਿੱਲੀ ਇਕਾਈ ਦੇ ਸਰਗਰਮ ਆਗੂ ਸਰਦਾਰ ਪਰਮਜੀਤ ਸਿੰਘ ਵੀਰਜੀ ਨੇ ਕਿਹਾ ਕਿ ਦੇਸ਼ ਅੰਦਰ ਆਨੰਦ ਮੈਰਿਜ ਐਕਟ ਨੂੰ ਲਾਗੂ ਕਰਣ ਦੀ ਸਿੱਖਾਂ ਦੀ ਲੰਮੇ ਸਮੇਂ ਦੀ ਮੰਗ ਦਾ ਪੂਰਾ ਹੋਣਾ ਇਕ ਵਡੀ ਪ੍ਰਾਪਤੀ ਹੈ ਤੇ ਅਸੀਂ ਇਸ ਲਈ ਅਦਾਲਤ ਦਾ ਧੰਨਵਾਦ ਕਰਦੇ ਹਾਂ । ਉਨ੍ਹਾਂ ਕਿਹਾ ਕਿ ਅਸੀਂ ਅਦਾਲਤ ਨੂੰ ਅਪੀਲ ਕਰਦੇ ਹਾਂ ਕਿ ਆਨੰਦ ਮੈਰਿਜ ਐਕਟ ਲਾਗੂ ਕਰਣ ਸਮੇਂ ਸਿੱਖ ਬੁਧਜੀਵੀਆਂ ਦਾ ਇਕ ਪੈਨਲ ਬਣਾਇਆ ਜਾਏ ਜਿਸ ਤਹਿਤ ਇਸ ਐਕਟ ਨੂੰ ਸਿੱਖ ਰਹਿਤ ਮਰਿਆਦਾ ਤਹਿਤ ਬਣਾ ਕੇ ਲਾਗੂ ਕਰਵਾਇਆ ਜਾਏ । ਉਨ੍ਹਾਂ ਕਿਹਾ ਕਿ ਸਿੱਖ ਪੰਥ ਦੀ ਰਹਿਣੀ ਬਹਿਣੀ ਵੱਖਰੀ ਹੋਣ ਕਰਕੇ ਐਕਟ ਨੂੰ ਲਾਗੂ ਹੋਣ ਤੋਂ ਬਾਅਦ ਵਿਚ ਕੋਈ ਦੁਬਿਧਾ ਨਾ ਖੜੀ ਹੋ ਸਕੇ ਇਸ ਲਈ ਇਸ ਮਾਮਲੇ ਵਿਚ ਸਿੱਖ ਪੰਥ ਨੂੰ ਭਰੋਸੇ ਵਿਚ ਲਿਆ ਜਾਣਾ ਬਹੁਤ ਜਰੂਰੀ ਹੈ । ਉਨ੍ਹਾਂ ਕਿਹਾ ਕਿ ਸਿੱਖਾਂ ਦੇ ਅਨੰਦ ਕਾਰਜ ਸਿੱਖ ਰਹਿਤ ਮਰਿਆਦਾ ਅਨੁਸਾਰ ਹੁੰਦੇ ਹਨ ਇਸ ਲਈ ਇਹ ਐਕਟ ਸਿੱਖ ਰਹਿਤ ਮਰਿਆਦਾ ਦੀ ਤਰਜਮਾਨੀ ਕਰਦਾ ਹੋਣਾ ਚਾਹੀਦਾ ਹੈ ਤੇ ਇਸ ਲਈ ਇਸ ਪੈਨਲ ਵਿਚ ਸਿੱਖ ਬੁਧੀਜੀਵੀ, ਸਿੱਖ ਅਫ਼ਸਰਾਂ ਨੂੰ ਸ਼ਾਮਿਲ ਕਰਕੇ ਇਸ ਨੂੰ ਬਨਾਣ ਲਈ ਪਹਿਲ ਕਰਣੀ ਚਾਹੀਦੀ ਹੈ । ਉਨ੍ਹਾਂ ਕਿਹਾ ਕਿ ਇਸ ਲਈ ਜਲਦ ਹੀ ਗ੍ਰਿਹ ਮੰਤਰਾਲੇ ਅਤੇ ਸੰਬੰਧਿਤ ਵਿਭਾਗਾਂ ਨੂੰ ਇਕ ਪੱਤਰ ਭੇਜਣ ਦਾ ਉਪਰਾਲਾ ਕੀਤਾ ਜਾਏਗਾ ।

# ਨਸ਼ਿਆਂ ਖਿਲਾਫ ਦੌੜ 21 ਸਤੰਬਰ ਨੂੰ



ਬਠਿੰਡਾ, 19 ਸਤੰਬਰ (ਗੁਰਜੰਟ ਸਿੰਘ ਨਥੇਹਾ)- ਮੁੱਖ ਮੰਤਰੀ ਪੰਜਾਬ ਸ. ਭਗਵੰਤ ਸਿੰਘ ਮਾਨ ਦੀ ਯੋਗ ਅਗਵਾਈ ਵਾਲੀ ਸੂਬਾ ਸਰਕਾਰ ਵਲੋਂ ਸ਼ੁਰੂ ਕੀਤੀ ਮੁਹਿੰਮ ਤਹਿਤ ਸਮਾਜ ਨੂੰ ਨਸ਼ੇ ਦੀਆਂ ਕੁਰੀਤੀਆਂ ਤੋਂ ਬਚਾਉਣ ਅਤੇ ਆਉਣ ਵਾਲੀ ਪੀੜੀ ਨੂੰ ਨਸ਼ਾ ਮੁਕਤ ਵਾਤਾਵਰਨ ਮੁਹੱਈਆ ਕਰਵਾਉਣ ਲਈ ਜ਼ਿਲ੍ਹਾ ਪ੍ਰਸ਼ਾਸਨ ਦੇ ਸਹਿਯੋਗ ਨਾਲ 21 ਸਤੰਬਰ ਨੂੰ ਦੌੜ ਕਰਵਾਈ ਜਾਵੇਗੀ। ਇਹ ਜਾਣਕਾਰੀ ਡੀ.ਸੀ. ਸ੍ਰੀ ਰਾਜੇਸ਼ ਧੀਮਾਨ ਨੇ ਸਾਂਝੀ ਕੀਤੀ। ਇਸ ਸਬੰਧੀ ਵਧੇਰੇ ਜਾਣਕਾਰੀ ਦਿੰਦਿਆਂ ਡੀ.ਸੀ. ਸ੍ਰੀ ਰਾਜੇਸ਼ ਧੀਮਾਨ ਨੇ ਦੱਸਿਆ ਕਿ ਇਹ ਦੌੜ ਮੀਡੀਆ ਤੇ ਹੋਰ ਵੱਖ-ਵੱਖ ਅਦਾਰਿਆਂ ਵਲੋਂ ਜ਼ਿਲ੍ਹਾ ਪ੍ਰਸ਼ਾਸਨ ਦੇ ਸਹਿਯੋਗ ਨਾਲ ਕਰਵਾਈ ਜਾ ਰਹੀ ਹੈ, ਜੋ ਕਿ ਸਥਾਨਕ ਫਾਇਰ ਬ੍ਰਿਗੇਡ ਚੌਂਕ ਤੋਂ ਸਵੇਰੇ 5:30 ਵਜੇ ਸ਼ੁਰੂ ਹੋਵੇਗੀ ਜੋ ਕਿ ਅਮਰੀਕ ਸਿੰਘ ਰੋਡ ਤੋਂ ਹੁੰਦੀ ਹੋਈ ਰੋਜ ਗਾਰਡਨ ਵਿਖੇ ਸਮਾਪਤ ਹੋਵੇਗੀ। ਇਸ ਦੌੜ ਵਿੱਚ ਵਿਦਿਆਰਥੀਆਂ, ਨੌਜਵਾਨਾਂ ਤੋਂ ਇਲਾਵਾ ਸ਼ਹਿਰ ਦੀਆਂ ਪ੍ਰਮੁੱਖ ਸਖਸ਼ੀਅਤਾਂ ਵਲੋਂ ਸਮੂਲੀਅਤ ਕੀਤੀ ਜਾਵੇਗੀ। ਡੀ.ਸੀ. ਸ੍ਰੀ ਰਾਜੇਸ਼ ਧੀਮਾਨ ਨੇ ਜ਼ਿਲ੍ਹਾ ਵਾਸੀਆਂ ਨੂੰ ਪੁਰਜ਼ੋਰ ਅਪੀਲ ਕਰਦਿਆਂ ਕਿਹਾ ਕਿ ਇਸ ਦੌੜ ਦਾ ਹਿੱਸਾ ਬਣੋ ਅਤੇ ਰਲ-ਮਿਲ ਕੇ ਸਾਡੀਆਂ ਆਉਣ ਵਾਲੀਆਂ ਪੀੜੀਆਂ ਨੂੰ ਨਸ਼ਾ ਮੁਕਤ ਵਾਤਾਵਰਨ ਮੁਹੱਈਆ ਕਰਵਾਉਣ ਲਈ ਆਪਣਾ ਪੂਰਨ ਸਹਿਯੋਗ ਦਿਓ।

### ਗੁਰੂ ਕਾਸ਼ੀ ਯੂਨੀਵਰਸਿਟੀ ਵੱਲੋਂ ਨਿੰਬਸ ਅਤੇ

# ਈਬੀਐਸਸੀਓ ਈ-ਸਰੋਤਾਂ ਬਾਰੇ ਸਿਖਲਾਈ ਵਰਕਸ਼ਾਪ ਆਯੋਜਿਤ





**ਤਲਵੰਡੀ ਸਾਬੋ, 19 ਸਤੰਬਰ (ਗੁਰਜੰਟ ਸਿੰਘ ਨਥੇਹਾ)**-ਗੁਰੂ ਕਾਸ਼ੀ ਯੂਨੀਵਰਸਿਟੀ ਦੀ ਸੈਂਟਰਲ ਲਾਇਬ੍ਰੇਰੀ ਵੱਲੋਂ ਖੋਜ ਵਿਦਵਾਨਾਂ, ਫੈਕਲਟੀ ਮੈਂਬਰਾਂ ਅਤੇ ਵਿਦਿਆਰਥੀਆਂ ਲਈ ਖੋਜ ਅਤੇ ਅਕਾਦਮਿਕ ਕਾਰਜਾਂ ਦੇ ਪੱਧਰ ਨੂੰ ਉੱਚਾ ਚੁੱਕਣ ਲਈ ਪ੍ਰੋ.(ਡਾ.) ਰਾਮੇਸ਼ਵਰ ਸਿੰਘ ਉਪ ਕੁਲਪਤੀ ਦੀ ਪ੍ਰੇਰਣਾ ਸਦਕਾ ਨਿੰਬਸ ਅਤੇ ਈਬੀਐਸਸੀਓ ਵਰਗੇ ਈ-ਸਰੋਤਾਂ ਦੀ ਸੁਚੱਜਾ ਵਰਤੋਂ ਕਰਨ ਲਈ ਸਿਖਲਾਈ ਵਰਕਸ਼ਾਪ ਦਾ ਆਯੋਜਨ ਕੀਤਾ ਗਿਆ। ਜਿਸ ਵਿੱਚ ਨਿੰਬਸ ਦੇ ਪ੍ਰਤੀਨਿਧੀ ਕਨਿਸ਼ਕਾ ਜਿੰਦਲ ਕਸਟਮਰ ਸਕਸੈੱਸ ਮੈਨੇਜ਼ਰ ਅਤੇ ਈਬੀਐਸਸੀਓ ਤੋਂ ਰਿਤੇਸ਼ ਕੁਮਾਰ ਝਾ ਸੀਨੀਅਰ ਟ੍ਰੇਨਿੰਗ ਮੈਨੇਜ਼ਰ ਨੇ ਕੁੰਜੀਵੱਤ ਬੁਲਾਰੇ ਵਜੋਂ ਸ਼ਿਰਕਤ ਕੀਤੀ। ਇਸ ਮੌਕੇ ਡਾ. ਆਰ.ਪੀ.ਸਹਾਰਨ ਡੀਨ ਅਕਾਦਮਿਕ ਨੇ ਖੋਜਾਰਥੀਆਂ ਨੂੰ ਡਿਜੀਟਲ ਸਰੋਤਾਂ ਦਾ ਇਸਤੇਮਾਲ ਕਰਕੇ ਆਪਣੀ ਖੋਜ ਦੀ ਗੁਣਵੱਤਾ ਪੱਧਰ ਨੂੰ ਉੱਚਾ ਲੈ ਕੇ ਜਾਣ ਲਈ ਪ੍ਰੇਰਿਤ ਕੀਤਾ। ਉਨ੍ਹਾਂ ਕਿਹਾ ਕਿ ਇਸ ਤਰ੍ਹਾਂ ਦੇ ਈ-ਸਰੋਤ ਨਵੀਆਂ ਕਾਢਾਂ ਵਿੱਚ ਸਹਾਈ ਹੋ ਸਕਦੇ ਹਨ। ਉਨ੍ਹਾਂ ਹਾਜ਼ਰੀਨ ਨੂੰ ਵਰਸਿਟੀ ਦੇ ਸੈਂਟਰਲ ਲਾਇਬ੍ਰੇਰੀ ਵੱਲੋਂ ਦਿੱਤੀਆਂ ਜਾ ਰਹੀਆਂ ਈ-ਸਹੂਲਤਾਂ ਬਾਰੇ ਵੀ ਚਾਨਣਾ ਪਾਇਆ। ਪਹਿਲੇ ਸੈਸ਼ਨ ਵਿੱਚ ਫੈਕਲਟੀ ਆਫ਼ ਲਾਅ, ਫੈਕਲਟੀ ਆਫ਼ ਇੰਜੀਨੀਅਰਿੰਗ ਐਂਡ ਟੈਕਨਾਲੋਜੀ, ਫੈਕਲਟੀ ਆਫ਼ ਐਗਰੀਕਲਚਰ ਅਤੇ ਫੈਕਲਟੀ ਆਫ਼ ਕੰਪਿਊਟਿੰਗ ਦੇ ਫੈਕਲਟੀ ਮੈਂਬਰਾਂ ਅਤੇ ਖੋਜਾਰਥੀਆਂ ਨੂੰ ਕਨਿਸ਼ਕਾ ਜਿੰਦਲ ਨੇ ਸੰਬੋਧਨ ਕਰਦੇ ਹੋਏ ਕਿਹਾ ਕਿ ਵਰਕਸ਼ਾਪ ਦਾ ਉਦੇਸ਼ ਖੋਜ ਵਿਦਵਾਨਾਂ ਨੂੰ ਖੋਜ ਤਕਨੀਕਾਂ, ਖੋਜ ਲਈ ਉਪਲਬਧ ਡਿਜੀਟਲ ਸਰੋਤਾਂ ਈ-ਜਰਨਲਾਂ ਅਤੇ ਡੇਟਾਬੇਸ ਦੀ ਪ੍ਰਭਾਵਸ਼ਾਲੀ ਵਰਤੋਂ ਬਾਰੇ ਜਾਣੂ ਕਰਵਾਉਣਾ ਹੈ। ਉਨ੍ਹਾਂ ਵਿਦਿਆਰਥੀਆਂ ਨੂੰ ਇਸ ਤਰ੍ਹਾਂ ਦੀਆਂ ਵਰਕਸ਼ਾਪਾਂ ਦਾ ਵੱਧ ਤੋਂ ਵੱਧ ਲਾਹਾ ਲੈਣ ਲਈ ਵੀ ਪ੍ਰੇਰਿਤ ਕੀਤਾ। ਦੂਜੇ ਸੈਸ਼ਨ ਵਿੱਚ ਫੈਕਲਟੀ ਆਫ਼ ਬੇਸਿਕ ਸਾਇੰਸਜ਼ ਐਂਡ ਹਿਊਮੈਨਟੀਜ਼, ਫੈਕਲਟੀ ਆਫ਼ ਐਜੂਕੇਸ਼ਨ, ਫੈਕਲਟੀ ਆਫ਼ ਮੈਨੇਜ਼ਮੈਂਟ ਐਂਡ ਕਾਮਰਸ, ਫੈਕਲਟੀ ਆਫ਼ ਫਾਰਮੈਸੀ ਅਤੇ ਫੈਕਲਟੀ ਆਫ਼ ਪੈਰਾਮੈਡੀਕਲ ਸਾਇੰਸ ਦੇ ਫੈਕਲਟੀ ਮੈਂਬਰਾਂ ਅਤੇ ਖੋਜਾਰਥੀਆਂ ਨੂੰ ਈਬੀਐਸਸੀਓ ਈ-ਪਲੇਟਫਾਰਮ ਬਾਰੇ ਜਾਣਕਾਰੀ ਦਿੰਦੇ ਹੋਏ ਰਿਤੇਸ਼ ਝਾ ਨੇ ਕਿਹਾ ਕਿ ਹੁਣ ਹਰ ਵਾਰ ਵੱਡੀ ਕਿਤਾਬ ਚੁੱਕਣ ਅਤੇ ਲੱਭਣ ਦੀ ਬਜਾਏ ਖੋਜਾਰਥੀ ਕਿਤੇ ਵੀ ਬੈਠ ਕੇ ਈ-ਸਰੋਤਾਂ ਰਾਹੀਂ ਆਪਣੇ ਗਿਆਨ ਵਿੱਚ ਵਾਧਾ ਕਰ ਸਕਦੇ ਹਨ। ਉਨ੍ਹਾਂ ਵਿਦਿਆਰਥੀਆਂ ਨੂੰ ਈ-ਸਰੋਤਾਂ ਦਾ ਇਸਤੇਮਾਲ ਕਰਕੇ ਆਪਣੇ ਅਕਾਦਮਿਕ ਕਾਰਜਾਂ ਦੀ ਯੋਗ ਪੜਚੋਲ ਕਰਕੇ ਉੱਤਮ ਨਤੀਜੇ ਪ੍ਰਾਪਤ ਕਰਨ ਦਾ ਮਸ਼ਵਰਾ ਦਿੱਤਾ ਅਤੇ ਹਾਜ਼ਰੀਨ ਨੂੰ ਈ-ਸਰੋਤਾਂ ਦੇ ਇਸਤਮਾਲ ਬਾਰੇ ਮਾਰਗਦਰਸ਼ਨ ਕੀਤਾ। ਸੁਖਵਿੰਦਰ ਕੌਰ, ਸਹਾਇਕ ਲਾਇਬ੍ਰੇਰੀਅਨ ਨੇ ਆਪਣੇ ਧੰਨਵਾਦੀ ਭਾਸ਼ਣ ਵਿੱਚ ਸਾਰਿਆਂ ਨੂੰ ਵਰਸਿਟੀ ਦੀ ਸੈਂਟਰਲ ਲਾਇਬ੍ਰੇਰੀ ਵਿੱਚ ਉਪਲਬਧ ਈ-ਸੇਵਾਵਾਂ, ਈ-ਪੁਸਤਕਾਂ, ਈ-ਜਰਨਲਾਂ, ਈ-ਪਲੇਟਫਾਰਮਾਂ ਅਤੇ ਕਿਤਾਬਾਂ ਬਾਰੇ ਜਾਣਕਾਰੀ ਦਿੱਤੀ। ਉਨ੍ਹਾਂ ਵਰਸਿਟੀ ਵਿੱਚ ਸੈਂਟਰਲ ਲਾਇਬ੍ਰੇਰੀ ਵਿੱਚ ਦਿੱਤੀਆਂ ਜਾਂਦੀਆਂ ਸਹੂਲਤਾਂ ਬਾਰੇ ਵੀ ਚਾਨਣਾ ਪਾਇਆ ਅਤੇ ਸਾਰਿਆਂ ਨੂੰ ਇਸ ਦਾ ਇਸਤੇਮਾਲ ਕਰਨ ਲਈ ਪ੍ਰੇਰਿਤ ਕੀਤਾ।

### ਮੁੰਬਈ ਦੇ ਰੂਪਚੰਦਾਨੀ ਭਰਾਵਾਂ ਵੱਲੋਂ ਕੀਤੀਆਂ ਜਾ ਰਹੀਆਂ ਪੰਥਕ ਸੇਵਾਵਾਂ ਦੀ ਦੇਸ਼ ਭਰ ਵਿੱਚ ਸਰਾਹਨਾ

# ਸ਼ੰਕਰ ਰੂਪਚੰਦਾਨੀ ਦਾ ਤਖ਼ਤ ਪਟਨਾ ਸਾਹਿਬ ਵਿਖੇ ਕੀਤਾ ਗਿਆ ਸਨਮਾਨ

**ਨਵੀਂ ਦਿੱਲੀ, 19 ਸਤੰਬਰ (ਮਨਪ੍ਰੀਤ ਸਿੰਘ ਖਾਲਸਾ)**-ਮੁੰਬਈ ਨਿਵਾਸੀ ਉੱਧਵ ਰੂਪਚੰਦਾਨੀ ਅਤੇ ਸ਼ੰਕਰ ਰੂਪਚੰਦਾਨੀ ਵੱਲੋਂ ਪਿਛਲੇ ਕਾਫੀ ਸਮੇਂ ਤੋਂ ਮੁੰਬਈ ਸਮੇਤ ਦੇਸ਼ ਦੇ ਹੋਰ ਕਈ ਸ਼ਹਿਰਾਂ ਵਿੱਚ ਵੀ ਅਨੇਕਾਂ ਪੰਥਕ ਸੇਵਾਵਾਂ ਨਿਭਾਈਆਂ ਜਾ ਰਹੀਆਂ ਹਨ। ਅੱਜ ਸ਼ੰਕਰ ਰੂਪਚੰਦਾਨੀ ਨੇ ਤਖ਼ਤ ਪਟਨਾ ਸਾਹਿਬ ਵਿਖੇ ਮੱਥਾ ਟੇਕ ਕੇ ਗੁਰੂ ਮਿਹਰ ਪ੍ਰਾਪਤ ਕੀਤੀ ਅਤੇ ਤਖ਼ਤ ਸਾਹਿਬ ਵਿਖੇ ਭਵਿੱਖ ਵਿੱਚ ਵੀ ਸੇਵਾ ਕਰਨ ਦੀ ਇੱਛਾ ਜਤਾਈ। ਤਖ਼ਤ ਪਟਨਾ ਸਾਹਿਬ ਦੇ ਨਵੇਂ ਬਣੇ ਮੈਂਬਰ ਸ. ਗੁਰਵਿੰਦਰ ਸਿੰਘ ਬਾਵਾ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਉੱਧਵ ਰੂਪਚੰਦਾਨੀ ਅਤੇ ਸ਼ੰਕਰ ਰੂਪਚੰਦਾਨੀ ਪਰਿਵਾਰ ਦੀ ਸਿੱਖ ਧਰਮ ਪ੍ਰਤੀ ਗਹਿਰੀ ਸ਼ਰਧਾ ਹੈ ਅਤੇ ਉਹ ਸਮੇਂ-ਸਮੇਂ ਤੇ ਕਈ ਸੇਵਾਵਾਂ ਕਰਦੇ ਰਹੇ ਹਨ। ਸ. ਗੁਰਵਿੰਦਰ ਸਿੰਘ ਬਾਵਾ ਨੇ ਦੱਸਿਆ ਕਿ ਰੂਪਚੰਦਾਨੀ ਭਰਾਵਾਂ ਵੱਲੋਂ ਸੰਤ ਬਾਬਾ ਥਾਰਿਆ ਸਿੰਘ ਦਰਬਾਰ ਉਲਹਾਸਨਗਰ, ਬਾਬਾ ਸ਼ੇਵਾਦਾਸ ਦਰਬਾਰ ਉਲਹਾਸਨਗਰ, ਸਚਖੰਡ ਦਰਬਾਰ ਸੀ ਬਲਾਕ ਉਲਹਾਸਨਗਰ, ਹਰਿਕ੍ਰਿਸ਼ਨ ਦਰਬਾਰ ਉਲਹਾਸਨਗਰ ਅਤੇ ਗੁਰਦੁਆਰਾ ਸਾਹਿਬ ਰਿਜੈਂਸੀ ਐਂਟੀਲਾ ਕਲਯਾਣ ਵਿੱਚ ਪੰਥਕ ਸੇਵਾ ਸੰਬੰਧੀ ਕਈ ਕਾਰਜ ਕੀਤੇ ਜਾ ਰਹੇ ਹਨ। ਇਸ ਦੇ ਨਾਲ-ਨਾਲ "ਚਾਰ ਸਾਹਿਬਜ਼ਾਦੇ ਟਰੱਸਟ ਹਸਪਤਾਲ" ਵਿੱਚ, ਜਿੱਥੇ ਸਭ ਤੋਂ ਘੱਟ ਦਰਾਂ ਤੇ ਐਮ.ਆਰ.ਆਈ., ਸੀ.ਟੀ. ਸਕੈਨ ਵਰਗੀਆਂ ਸਹੂਲਤਾਂ ਦਿੱਤੀਆਂ ਜਾਂਦੀਆਂ ਹਨ, ਦੇ ਨਿਰਮਾਣ ਵਿੱਚ ਵੀ ਰੂਪਚੰਦਾਨੀ ਭਰਾਵਾਂ ਦਾ ਵਿਸ਼ੇਸ਼ ਯੋਗਦਾਨ ਰਿਹਾ ਹੈ। ਇਨ੍ਹਾਂ ਤੋਂ ਇਲਾਵਾ, ਜਦੋਂ ਵੀ ਉਨ੍ਹਾਂ ਨੂੰ ਕੋਈ ਹੋਰ ਸੇਵਾ ਸੌਂਪੀ ਜਾਂਦੀ ਹੈ, ਤਾਂ ਉਹ ਉਸਨੂੰ ਪੂਰੀ ਸ਼ਰਧਾ ਅਤੇ ਭਾਵਨਾ ਨਾਲ ਨਿਭਾਉਂਦੇ ਹਨ।



ਤਖ਼ਤ ਪਟਨਾ ਸਾਹਿਬ ਵਿੱਚ ਵੀ ਜਦੋਂ ਪ੍ਰਬੰਧਕਾਂ ਵੱਲੋਂ ਉਨ੍ਹਾਂ ਨੂੰ ਸੇਵਾ ਸੌਂਪੀ ਜਾਵੇਗੀ, ਤਾਂ ਉਹ ਕਰਣ ਲਈ ਤਿਆਰ ਹਨ। ਤਖ਼ਤ ਸਾਹਿਬ ਵਿਖੇ ਮੱਥਾ ਟੇਕਣ ਮੌਕੇ ਉਨ੍ਹਾਂ ਨੂੰ ਗ੍ਰੰਥੀ ਸਿੰਘ ਸਾਹਿਬ ਵੱਲੋਂ ਸਿਰਾਪਾ ਭੇਂਟ ਕੀਤਾ ਗਿਆ। ਤਖ਼ਤ ਸਾਹਿਬ ਦੇ ਮੀਡੀਆ ਇੰਚਾਰਜ ਸ. ਸੁਦੀਪ ਸਿੰਘ ਵੱਲੋਂ ਵੀ ਉਨ੍ਹਾਂ ਦਾ ਸਨਮਾਨ ਕੀਤਾ ਗਿਆ। ਇਸ ਮੌਕੇ ਉਨ੍ਹਾਂ ਦੇ ਨਾਲ ਪ੍ਰਕਾਸ਼ ਲੂਲਾ ਵੀ ਮੌਜੂਦ ਸਨ।

# ਪੰਜਾਬ ਦੇ ਹੜ੍ਹਾਂ ਨੂੰ ਐਲਾਨਿਆ ਗਿਆ ਰਾਸ਼ਟਰੀ ਆਫ਼ਤ, ਸੰਸਦ ਮੈਂਬਰ ਐਮਪੀਐਲਏਡੀ ਤੋਂ ਦੇ ਸਕਦੇ ਹਨ ਦਾਨ: ਸਾਹਨੀ



**ਨਵੀਂ ਦਿੱਲੀ 19 ਸੰਤਬਰ (ਮਨਪ੍ਰੀਤ ਸਿੰਘ ਖਾਲਸਾ):-** ਰਾਜ ਸਭਾ ਮੈਂਬਰ ਡਾ. ਵਿਕਰਮਜੀਤ ਸਿੰਘ ਸਾਹਨੀ ਨੇ ਭਾਰਤ ਸਰਕਾਰ ਵੱਲੋਂ ਈ-ਸਾਕਸ਼ੀ ਪੋਰਟਲ 'ਤੇ ਪੰਜਾਬ ਦੇ ਹੜ੍ਹਾਂ ਨੂੰ ਰਾਸ਼ਟਰੀ ਆਫ਼ਤ ਵਜੋਂ ਸੂਚੀਬੱਧ ਕਰਨ ਦੇ ਫੈਸਲੇ ਦਾ ਸਵਾਗਤ ਕੀਤਾ। ਡਾ. ਸਾਹਨੀ ਨੇ 17 ਸਤੰਬਰ, 2025 ਨੂੰ ਸ਼੍ਰੀ ਰਾਓ ਇੰਦਰਜੀਤ ਸਿੰਘ, ਰਾਜ ਮੰਤਰੀ (ਸੁਤੰਤਰ ਚਾਰਜ), ਅੰਕੜਾ ਅਤੇ ਪ੍ਰੋਗਰਾਮ ਲਾਗੂਕਰਨ ਮੰਤਰਾਲੇ ਨੂੰ ਪੱਤਰ ਲਿਖ ਕੇ ਬੇਨਤੀ ਕੀਤੀ ਸੀ ਕਿ ਪੰਜਾਬ ਦੇ ਹੜ੍ਹਾਂ ਨੂੰ ਤੁਰੰਤ ਰਾਸ਼ਟਰੀ ਆਫ਼ਤ ਐਲਾਨਿਆ ਜਾਵੇ ਅਤੇ ਹੜ੍ਹ ਰਾਹਤ ਲਈ ਪੰਜਾਬ ਨੂੰ ਐਮਪੀਐਲਏਡੀ ਫੰਡ ਜਾਰੀ ਕਰਨ ਦੀ ਆਗਿਆ ਦਿੱਤੀ ਜਾਵੇ ਤਾਂ ਜੋ ਲਗਭਗ 2,300 ਪਿੰਡਾਂ ਵਿੱਚ ਹੋਈ ਤਬਾਹੀ ਦਾ ਤੁਰੰਤ ਹੱਲ ਕੀਤਾ ਜਾ ਸਕੇ। ਡਾ. ਸਾਹਨੀ ਨੇ ਦੱਸਿਆ ਕਿ ਇਸ ਸੂਚੀ ਦੇ ਨਾਲ, ਭਾਰਤ ਭਰ ਦੇ ਸਾਰੇ ਸੰਸਦ ਮੈਂਬਰ ਹੁਣ ਆਪਣੇ ਐਮਪੀਐਲਏਡੀ ਫੰਡਾਂ ਰਾਹੀਂ ਪੰਜਾਬ ਹੜ੍ਹ ਰਾਹਤ ਵਿੱਚ ਯੋਗਦਾਨ ਪਾਉਣ ਲਈ ਅਧਿਕਾਰਤ ਹਨ। ਡਾ. ਸਾਹਨੀ ਨੇ ਇਹ ਵੀ ਕਿਹਾ ਕਿ ਉਹ ਆਪਣੇ ਸਾਰੇ ਸਾਥੀ ਸੰਸਦ ਮੈਂਬਰਾਂ ਨੂੰ ਪੰਜਾਬ ਦੇ ਹੜ੍ਹਾਂ ਲਈ ਆਪਣੇ ਸੰਸਦ ਫੰਡਾਂ ਵਿੱਚੋਂ ਖੁੱਲ੍ਹੇ ਦਿਲ ਨਾਲ ਫੰਡ ਅਲਾਟ ਕਰਨ ਲਈ ਲਿਖ ਰਹੇ ਹਨ, ਤਾਂ ਜੋ ਅਸੀਂ ਸਮੂਹਿਕ ਤੌਰ 'ਤੇ ਪੰਜਾਬ ਦਾ ਪੁਨਰ ਨਿਰਮਾਣ ਕਰ ਸਕੀਏ, ਆਪਣੇ ਕਿਸਾਨਾਂ ਦੀ ਰੋਜ਼ੀ-ਰੋਟੀ ਬਹਾਲ ਕਰ ਸਕੀਏ ਅਤੇ ਇਸ ਬੇਮਿਸਾਲ ਆਫ਼ਤ ਤੋਂ ਪ੍ਰਭਾਵਿਤ ਪਰਿਵਾਰਾਂ ਨੂੰ ਰਾਹਤ ਪ੍ਰਦਾਨ ਕਰ ਸਕੀਏ।

## ਜੋਨ ਤਲਵੰਡੀ ਸਾਬੋ ਸਰਦ ਰੁੱਤ (ਐਥਲੈਟਿਕਸ) ਟੂਰਨਾਮੈਂਟ 23 ਸਤੰਬਰ ਤੋਂ





**ਤਲਵੰਡੀ ਸਾਬੋ, 19 ਸਤੰਬਰ (ਗੁਰਜੰਟ ਸਿੰਘ ਨਥੇਹਾ)**-ਸਿੱਖਿਆ ਵਿਭਾਗ ਦੇ ਸਰਦ ਰੁੱਤ ਟੂਰਨਾਮੈਂਟ ਮਾਣਯੋਗ ਜ਼ਿਲਾ ਸਿੱਖਿਆ ਅਫਸਰ ਸ੍ਰੀਮਤੀ ਮਮਤਾ ਖੁਰਾਣਾ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਜ਼ਿਲ੍ਹਾ ਖੇਡ ਕੋਆਰਡੀਨੇਟਰ ਸ. ਜਸਵੀਰ ਸਿੰਘ ਗਿੱਲ ਯੋਗ ਅਗਵਾਈ ਵਿੱਚ ਜੋਨ ਤਲਵੰਡੀ ਸਾਬੋ ਦਾ ਸਰਦ ਰੁੱਤ ਟੂਰਨਾਮੈਂਟ ਸਥਾਨਕ ਮਾਤਾ ਸਾਹਿਬ ਕੌਰ ਗਰਲਜ ਕਾਲਜ ਤਲਵੰਡੀ ਸਾਬੋ ਵਿਖੇ ਮਿਤੀ 23 ਸਤੰਬਰ 2025 ਨੂੰ ਸ਼ੁਰੂ ਹੋ ਰਿਹਾ ਹੈ। 23 ਸਤੰਬਰ ਨੂੰ ਅੰਡਰ 14, 17, 19 ਸਾਲ ਲੜਕੀਆਂ ਅਤੇ ਅੰਡਰ-14 ਲੜਕਿਆਂ ਦੇ ਅਤੇ 24 ਸਤੰਬਰ ਨੂੰ ਅੰਡਰ- 17, 19 ਲੜਕਿਆਂ ਦੇ ਮੁਕਾਬਲੇ ਹੋਣਗੇ। ਵਿੱਤ ਸਕੱਤਰ ਸ. ਹਰਮੰਦਰ ਸਿੰਘ ਪੀਟੀਆਈ ਲਾਲੇਆਣਾ ਨੇ ਦੱਸਿਆ ਕਿ ਐਥਲੈਟਿਕਸ ਮੀਟ ਨੂੰ ਸੁਚਾਰੂ ਰੂਪ ਵਿੱਚ ਕਰਵਾਉਣ ਲਈ ਸਾਰਿਆਂ ਈਵੈਂਟਸ ਲਈ ਵੱਖ ਵੱਖ ਕਨਵੀਨਰਜ ਲਗਾ ਦਿੱਤੇ ਗਏ ਹਨ ਅਤੇ ਗਰਾਂਊਂਡਾਂ ਦੇ ਸਾਰੇ ਪ੍ਰਬੰਧ ਮੁਕੰਮਲ ਹੋ ਚੁੱਕੇ ਹਨ। ਮਿਤੀ 23 ਸਤੰਬਰ ਨੂੰ ਸਵੇਰੇ 8 ਵਜੇ ਟੂਰਨਾਮੈਂਟ ਦਾ ਉਦਘਾਟਨ ਜੋਨ ਪ੍ਰਧਾਨ ਸ. ਅਵਤਾਰ ਸਿੰਘ ਮੁੱਖ ਅਧਿਆਪਕ ਸਰਕਾਰੀ ਹਾਈ ਸਕੂਲ ਲਾਲੇਆਣਾ ਅਤੇ ਡਾਕਟਰ ਕਮਲਪ੍ਰੀਤ ਕੌਰ ਪ੍ਰਿੰਸੀਪਲ ਮਾਤਾ ਸਾਹਿਬ ਕੌਰ ਗਰਲਜ ਕਾਲਜ ਤਲਵੰਡੀ ਸਾਬੋ ਵੱਲੋਂ ਸਾਂਝੇ ਰੂਪ ਵਿੱਚ ਕੀਤਾ ਜਾਵੇਗਾ।

## ਹੜਾਂ ਨਾਲ ਕਿਸਾਨਾਂ ਅਤੇ ਮਜ਼ਦੂਰਾਂ ਦੇ ਹੋਏ ਨੁਕਸਾਨ ਤਾਂ ਪੂਰਾ ਮੁਆਵਜ਼ਾ ਦੇਣ ਦੀ ਕੀਤੀ ਮੰਗ

**ਹੁਸ਼ਿਆਰਪੁਰ, 19 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਪੈਨਸ਼ਨਰਜ ਯੂਨੀਅਨ ਹੁਸ਼ਿਆਰਪੁਰ ਦੀ ਮਹੀਨਾਵਾਰ ਮੀਟਿੰਗ ਸ੍ਰੀ ਜੋਗਾ ਸਿੰਘ ਦੀ ਪ੍ਰਧਾਨਗੀ ਹੇਠ ਪਾਰਟੀ ਦਫਤਰ ਵਿਖੇ ਹੋਈ। ਮੀਟਿੰਗ ਦੀ ਸ਼ੁਰੂਆਤ 'ਚ ਪੰਜਾਬ ਵਿੱਚ ਆਏ ਹੜਾਂ ਦੌਰਾਨ ਕਿਸਾਨਾਂ ਦੀਆਂ ਗਈਆਂ ਕੀਮਤੀ ਜਾਨਾਂ ਦੀ ਆਤਮਿਕ ਸ਼ਾਂਤੀ ਲਈ ਅਰਦਾਸ ਕੀਤੀ ਗਈ ਉਪਰੰਤ ਯੂਨੀਅਨ ਦੇ ਮੁੱਖ ਬੁਲਾਰਿਆਂ ਸਰਬ ਸ਼੍ਰੀ ਓਕਾਰ ਸਿੰਘ ਪ੍ਰਧਾਨ, ਅਮਰੀਕ ਸਿੰਘ ਜਨਰਲ ਸਕੱਤਰ, ਜਗਜੀਤ ਸਿੰਘ ਜੱਗੀ, ਬਿੱਕਰ ਸਿੰਘ ਅਤੇ ਜੋਗਾ ਸਿੰਘ ਨੇ ਆਪਣੇ ਸੰਬੋਧਨ ਵਿੱਚ ਸਰਕਾਰ ਪਾਸੋਂ ਹੜਾਂ ਦੌਰਾਨ ਕਿਸਾਨਾਂ ਦੇ ਹੋਏ ਨੁਕਸਾਨ ਦਾ ਪੂਰਾ ਪੂਰਾ ਮੁਆਵਜਾ ਦੇਣ ਦੀ ਮੰਗ ਕੀਤੀ ਅਤੇ ਪੈਨਸ਼ਨਰਜ਼ ਅਤੇ ਮੁਲਾਜ਼ਮਾਂ ਦੀਆਂ ਲਟਕਦੀਆਂ ਮੰਗਾਂ ਜਿਵੇਂ ਕਿ 2.59 ਦਾ ਗੁਣਾਕ ਦੇਣ, ਛੇਵੇਂ ਤਨਖਾਹ ਕਮਿਸ਼ਨ ਦਾ ਬਕਾਇਆ ਯਕਮੁਸ਼ਤ ਦੇਣ, ਡੀਏ ਦੀਆਂ ਰਹਿੰਦੀਆਂ ਕਿਸ਼ਤਾਂ ਦੇਣ, ਪੁਰਾਣੀ ਪੈਨਸ਼ਨ ਬਹਾਲ ਕਰਨ, ਮੈਡੀਕਲ ਬਿੱਲਾਂ ਦਾ ਭੁਗਤਾਨ ਛੇਤੀ ਕਰਨ, ਨਵਾਂ ਤਨਖਾਹ ਕਮਿਸ਼ਨ ਬਿਠਾਉਣ, ਕੱਚੇ ਮੁਲਾਜ਼ਮ ਪੱਕੇ ਕਰਨ ਆਦਿ ਮੰਗਾਂ ਦਾ ਹੱਲ ਕਰਨ ਦੀ ਮੰਗ ਕੀਤੀ। ਮੀਟਿੰਗ ਵਿੱਚ ਉਪਰੋਕਤ ਤੋਂ ਇਲਾਵਾ ਬਲਦੇਵ ਸਿੰਘ, ਕੁਲਦੀਪ ਸਿੰਘ ਸੈਣੀ, ਦਲਵਿੰਦਰ ਸਿੰਘ, ਹਰਦੇਸ਼ ਲਾਲ, ਸੁਰਜੀਤ ਸਿੰਘ, ਗੁਰਦੇਵ ਸਿੰਘ, ਬਲਵੀਰ ਸਿੰਘ, ਗੁਰਮੀਤ ਸਿੰਘ, ਓਕਾਰ ਸਿੰਘ, ਦਵਿੰਦਰ ਸਿੰਘ ਆਦਿ ਹਾਜ਼ਰ ਸਨ।

ਐਡਵੋਕੇਟ ਮਨਦੀਪ ਸਿੰਘ ਪਿੰਡ ਮੱਲੜੀ ਦੇ ਪਿਤਾ ਸ.ਬਲਜਿੰਦਰ ਸਿੰਘ ਪਟਵਾਰੀ ਜੀ ਦੀ ਅੰਤਿਮ ਅਰਦਾਸ

# ਗੁਰਦੁਆਰਾ ਸਾਹਿਬ ਪਿੰਡ ਮੱਲੜੀ ਜ਼ਿਲਾ ਸਿਰਸਾ ਵਿਖੇ ਸੰਪੰਨ

## ਅੰਤਰਰਾਸ਼ਟਰੀ ਸਿੱਖ ਪ੍ਰਚਾਰਕ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਚੇਅਰਮੈਨ ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਸ਼ਰਧਾਂਜਲੀ ਭੇਟ ਕੀਤੀ ਅਤੇ ਗੁਰਮਤਿ ਵਿਚਾਰਾਂ ਦੀ ਸਾਂਝ ਪਾਈ
















ਐਡਵੋਕੇਟ ਮਨਦੀਪ ਸਿੰਘ ਪਿੰਡ ਮੱਲੜੀ ਦੇ ਪਿਤਾ ਸ.ਬਲਜਿੰਦਰ ਸਿੰਘ ਪਟਵਾਰੀ ਜੀ ਦੀ ਅੰਤਿਮ ਅਰਦਾਸ ਅੱਜ ਗੁਰਦੁਆਰਾ ਸਾਹਿਬ ਪਿੰਡ ਮੱਲੜੀ ਜ਼ਿਲਾ ਸਿਰਸਾ ਵਿਖੇ ਕੀਤੀ ਗਈ ਇਸ ਸਮੇਂ ਅੰਤਰਰਾਸ਼ਟਰੀ ਸਿੱਖ ਪ੍ਰਚਾਰਕ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਚੇਅਰਮੈਨ ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਸ਼ਰਧਾਂਜਲੀ ਭੇਟ ਕੀਤੀ ਅਤੇ ਗੁਰਮਤਿ ਵਿਚਾਰਾਂ ਦੀ ਸਾਂਝ ਪਾਈ ਇਲਾਕੇ ਦੇ ਗੁਰੂ ਘਰਾਂ ਦੇ ਗ੍ਰੰਥੀ ਸਿੰਘ ਸੰਤ ਮਹੰਤ ਰਾਜਨੀਤਕ ਆਗੂ ਸਾਹਿਬਾਨ ਨਗਰ ਪੰਚਾਇਤਾਂ ਪੰਚ ਸਰਪੰਚ ਅਤੇ ਸਿੱਖ ਸੰਗਤਾਂ ਰਿਸ਼ਤੇਦਾਰ ਸੱਜਣ ਮਿੱਤਰ ਵੱਡੀ ਗਿਣਤੀ ਵਿੱਚ ਹਾਜ਼ਰ ਸਨ।



ਆਵਾਜ਼ਿ ਕੌਮ AWAZE QAUM International Newspaper & WEB TV


ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ


ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243

ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੋ ਜਾਂ ਅਗਲੋ ਪਾਵਾ ॥







ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਗੁਰਪੁਰਬ, ਗੁਰੂ ਤੇਗ ਬਹਾਦਰ ਜੀ ਦੇ 350 ਸਾਲਾ ਸ਼ਹੀਦੀ ਸ਼ਤਾਬਦੀ, ਗੁਰੂ ਗੋਬਿੰਦ ਸਿੰਘ ਸਾਹਿਬ ਜੀ ਦੀ ਗੁਰਤਗੱਦੀ ਦਿਵਸ, ਮਾਤਾ ਸਾਹਿਬ ਕੌਰ ਜੀ ਦਾ ਜਨਮ ਦਿਹਾੜਾ, ਭਾਈ ਮਤੀ ਦਾਸ, ਭਾਈ ਸਤੀ ਰਾਮ, ਭਾਈ ਦਿਆਲ ਦਾਸ, ਭਾਈ ਜੈਤਾ ਅਤੇ ਭਾਈ ਲੱਖੀ ਸ਼ਾਹ ਬਨਜਾਰਾ ਨੂੰ ਸਮਰਪਿਤ



# 29ਵਾਂ ਸਲਾਨਾ ਗੁਰਮਤਿ ਸਮਾਗਮ



ਸੰਤ ਬਾਬਾ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ

ਗੁਰਦੁਆਰਾ ਸ਼ਹੀਦਾਂ, ਪਿੰਡ ਜੱਸੋਵਾਲ (ਬੀਹੜਾਂ) ਬੱਬਰਾਂ ਦੇ ਹਾਈ ਕੋਰਟ
20 ਅਕਤੂਬਰ ਦਿਨ ਸੋਮਵਾਰ ਤੋਂ 1 ਨਵੰਬਰ ਦਿਨ ਸ਼ਨੀਵਾਰ ਤੱਕ 13 ਦਿਨ ਸਮਾਗਮ

**ਮਿਤੀ 1 ਨਵੰਬਰ 2025 ਦਿਨ ਸ਼ਨੀਵਾਰ**

ਨੂੰ ਸ਼੍ਰੀ ਅਖੰਡ ਪਾਠ ਸਾਹਿਬਾਂ ਜੀ ਦੇ ਭੋਗ ਉਪਰੰਤ ਦੀਵਾਨ ਸਜਣਗੇ ।

ਗੁਰੂ ਦੇ ਲੰਗਰ ਅਤੇ ਚਾਹ-ਪਕੌੜਿਆਂ ਦੇ ਲੰਗਰ ਅਤੁੱਟ ਵਰਤਣਗੇ ।



ਸਿੰਘ ਸਾਹਿਬ ਭਾਈ ਜਸਵੀਰ ਸਿੰਘ ਰੋਡੇ

**1 ਨਵੰਬਰ 2025 ਦਿਨ ਸ਼ਨੀਵਾਰ ਨੂੰ**

ਲੜੀ ਭੋਗ ਸ਼੍ਰੀ ਅਖੰਡ ਪਾਠ ਸਾਹਿਬ 10-00 ਵਜੇ ਸਵੇਰੇ

ਖੁੱਲ੍ਹੇ ਪੰਡਾਲ ਵਿੱਚ ਸਵੇਰੇ 10-00 ਵਜੇ ਤੋਂ ਸ਼ਾਮ 4-00 ਵਜੇ ਤੱਕ ਦੀਵਾਨ ਸਜਣਗੇ ।



## ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ

ਦਮਦਮੀ ਟਕਸਾਲ

ਮੈਂਬਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ

ਮੁੱਖ ਬੁਲਾਰਾ ਅੰਤਰਰਾਸ਼ਟਰੀ ਇੰਟਰਨੈਸ਼ਨਲ ਪੰਥਕ ਦਲ

ਮੋ: 98141-27470, 73408-35137



ਆਵਾਜ਼ਿ ਕੌਮ AWAZE QAUM International Newspaper & WEB TV

ਜਾਰੀ ਕਰਤਾ :- ਜਰਨੈਲ ਸਿੰਘ ਢਿੱਲੋਂ, 84278-66404